# ਵਰਲਡ ਪੰਜਾਬੀ ਟਾਈਮਜ਼
WORLD PUNJABI TIMES
A Punjabi News Protal & Epaper From Winnipeg, Canada
Visit us at : www.worldpunjabitimes.com
Mob: 7973333573, +1 (418) 887-0162

Epaper World Punjabi Times | 24 ਫਰਵਰੀ 2025 ਦਿਨ ਸੋਮਵਾਰ | ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਸਰਕਾਰੀ ਕਾਲਜ ਮਾਲੇਰਕੋਟਲਾ ਵਿਖੇ ਇੰਟਰਨੈੱਟ ਜਾਗਰੂਕਤਾ ਦਿਵਸ ਮੌਕੇ ਵਿਸ਼ੇਸ਼ ਲੈਕਚਰ

ਵਰਲਡ ਪੰਜਾਬੀ ਟਾਈਮਜ਼



ਮਾਲੇਰਕੋਟਲਾ, 24 ਫਰਵਰੀ : ਸਰਕਾਰੀ ਕਾਲਜ ਮਾਲੇਰਕੋਟਲਾ ਵਿਖੇ ਇੰਟਰਨੈੱਟ ਜਾਗਰੂਕਤਾ ਦਿਵਸ ਦੇ ਮੌਕੇ ਡਿਜਿਟਲ ਲਿਟਰੇਸੀ ਤਹਿਤ ਡਾਕਟਰ ਮੀਨੂੰ, ਪ੍ਰਿੰਸੀਪਲ ਸਰਕਾਰੀ ਕਾਲਜ ਅਮਰਗੜ੍ਹ ਅਤੇ ਡੀ.ਡੀ.ਓ ਸਰਕਾਰੀ ਕਾਲਜ ਮਲੇਰਕੋਟਲਾ ਦੀ ਸਰਪ੍ਰਸਤੀ ਅਤੇ ਕਾਰਜਕਾਰੀ ਪ੍ਰਿੰਸੀਪਲ ਅਰਵਿੰਦ ਕੌਰ ਮੰਡ ਦੀ ਦੇਖਰੇਖ ਹੇਠ ਜ਼ਿਲਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਵਿਦਿਆਰਥੀਆਂ ਲਈ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਮੁੱਖ ਵਕਤਾ ਸ੍ਰੀਮਤੀ ਸ਼ਾਈਨ, ਡੀ ਆਈ ਓ , ਮਲੇਰਕੋਟਲਾ ਨੇ ਵਿਦਿਆਰਥੀਆਂ ਨੂੰ ਇੰਟਰਨੈੱਟ ਦੀ ਸੁਰੱਖਿਅਤ ਵਰਤੋਂ ਬਾਰੇ ਜਾਗਰੂਕ ਕੀਤਾ ਅਤੇ ਆਨਲਾਈਨ ਠੱਗੀ, ਡਾਟਾ ਸੁਰੱਖਿਆ ਤੇ ਡਿਜਿਟਲ ਨੈਤਿਕਤਾ ਬਾਰੇ ਵੀ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ।

ਕਾਰਜਕਾਰੀ ਪ੍ਰਿੰਸੀਪਲ ਸ਼੍ਰੀਮਤੀ ਅਰਵਿੰਦ ਕੌਰ ਮੰਡ ਨੇ ਵਿਦਿਆਰਥੀਆਂ ਨੂੰ ਨਵੀਆਂ ਤਕਨੀਕਾਂ ਦੀ ਜਾਣਕਾਰੀ ਰੱਖਣ ਨਾਲ ਨਾਲ, ਇੰਟਰਨੈੱਟ ਦੀ ਵਧ ਰਹੀ ਵਰਤੋਂ ਨਾਲ ਪੈਦਾ ਹੋ ਰਹੀਆਂ ਚੁਣੌਤੀਆਂ ਪ੍ਰਤੀ ਵੀ ਸੁਚੇਤ ਰਹਿਣ ਲਈ ਚੇਤੰਨ ਹੋਣ ਲਈ ਕਿਹਾ । ਉਨ੍ਹਾਂ ਨੇ ਕਿਹਾ ਕਿ ਆਨਲਾਈਨ ਪਲੇਟਫਾਰਮਾਂ ਦੀ ਸਾਵਧਾਨੀ ਨਾਲ ਵਰਤੋਂ ਕਰਨੀ ਅਤਿ ਜ਼ਰੂਰੀ ਹੈ, ਤਾਂ ਜੋ ਸੰਭਾਵਿਤ ਖਤਰਿਆਂ ਤੋਂ ਬਚਿਆ ਜਾ ਸਕੇ।

ਮੰਚ ਸੰਚਾਲਨ ਸਹਾਇਕ ਪ੍ਰੋਫੈਸਰ ਗੁਰਦੀਪ ਸਿੰਘ ਨੇ ਕੀਤਾ ਜਦਕਿ ਮੈਡਮ ਡੇਜੀ ਜੈਨ ਨੇ ਧੰਨਵਾਦ ਪ੍ਰਗਟ ਕਰਦੇ ਹੋਏ ਸਭ ਪ੍ਰਬੰਧਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਇਸ ਲੈਕਚਰ ਦੌਰਾਨ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਆਪਣੇ ਪ੍ਰਸ਼ਨ ਵੀ ਪੁੱਛੇ। ਇਸ ਮੌਕੇ ਵੱਖ – ਵੱਖ ਵਿਭਾਗਾਂ ਜਿਸ ਵਿੱਚ ਅੰਗਰੇਜ਼ੀ, ਕੰਪਿਊਟਰ, ਐੱਚ.ਈ.ਆਈ.ਐਸ, ਸੰਸਕ੍ਰਿਤ, ਹਿੰਦੀ,ਪੰਜਾਬੀ , ਕਾਮਰਸ , ਉਰਦੂ, ਨੇ ਸ਼ਿਰਕਤ ਕੀਤੀ । ਵਿਦਿਆਰਥੀਆਂ ਤੋਂ ਇਲਾਵਾ ਤੋਂ ਵਨੀਤ ਕੁਮਾਰ, ਪ੍ਰੋ ਮੁੰਹਮਦ ਅਸ਼ਰਫ,ਪ੍ਰੋਂ ਕੁਲਦੀਪ ਸਿੰਘ, ਪ੍ਰੋਫੈਸਰ ਨਵਸੰਗੀਤ ਸਿੰਘ, ਪ੍ਰੋਂ. ਨਵਜੋਤ ਕੋਰ, ਪ੍ਰੋ. ਪੂਨਮ ਪ੍ਰੋ ਸ਼ੈਲੀ ਦੀਵਾਨ, ਪ੍ਰੋ ਵਿਸ਼ਾਪਾ ਕਪਿਲਾ ,ਪ੍ਰੋਂ ਕੰਚਨ ਜੈਨ,ਪ੍ਰੋਫੈਸਰ ਮਨਪ੍ਰੀਤ ਕੌਰ, ਪ੍ਰੋ ਨਰਿੰਦਰ ਕੌਰ, ਪ੍ਰੋ. ਨਰਿੰਦਰ ਕੋਰ, ਪ੍ਰੋ. ਹਰਜਿੰਦਰ ਕੌਰ , ਪੋ. ਹਰਜਿੰਦਰ ਕੌਰ ਚਹਿਲ, ਪ੍ਰੋ. ਸੋਨੀਆ , ਪ੍ਰੋ. ਗੌਰਵ ਮਿੱਤਲ ਰਹੇ।

## ਸਮਾਜਿਕ ਵਿਸੰਗਤੀਆਂ ਤੋਂ ਬਚਣ ਲਈ ਸਾਪੇਖੀ ਸਾਹਿਤ ਦੀ ਸਿਰਜਣਾ ਜਰੂਰੀ— ਡਾ. ਤੇਜਵੰਤ ਮਾਨ

### ਮਾਲਵਾ ਰਿਸਰਚ ਸੈਂਟਰ ਪਟਿਆਲਾ ਵੱਲੋਂ ਸਾਹਿਤਕ ਗੋਸ਼ਟੀ

ਵਰਲਡ ਪੰਜਾਬੀ ਟਾਈਮਜ਼
ਡਾ. ਭਗਵੰਤ ਸਿੰਘ



ਪਟਿਆਲਾ 24 ਫਰਵਰੀ : ਪੰਜਾਬੀ ਭਾਸ਼ਾ, ਸਾਹਿਤ, ਸੱਭਿਆਚਾਰ, ਸਮਾਜਿਕ, ਰਾਜਨੀਤਿਕ, ਆਰਥਿਕ ਪ੍ਰਸੰਗਾਂ ਬਾਰੇ ਵਿਚਾਰ ਚਰਚਾ ਕਰਨ ਲਈ ਨਿਰੰਤਰ ਕਾਰਜਸ਼ੀਲ ਮਾਲਵਾ ਰਿਸਰਚ ਸੈਂਟਰ ਪਟਿਆਲਾ ਵੱਲੋਂ ਸੱਭਿਆਚਾਰ ਦੇ ਸੰਦਰਭ ਵਿੱਚ ਅਜੋਕੀਆਂ ਪੰਜਾਬੀ ਪ੍ਰਸਥਿਤੀਆਂ ਬਾਰੇ ਇੱਕ ਗੰਭੀਰ ਸਾਹਿਤਕ ਗੋਸ਼ਟੀ ਦਾ ਆਯੋਜਨ ਡਾ. ਤੇਜਵੰਤ ਮਾਨ, ਸਾਹਿਤ ਰਤਨ ਦੀ ਪ੍ਰਧਾਨਗੀ ਹੇਠ ਗਰੀਨਵੂਡ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਧੂਰੀ ਵਿਖੇ ਕੀਤਾ ਗਿਆ। ਪ੍ਰਧਾਨਗੀ ਮੰਡਲ ਵਿੱਚ ਪਵਨ ਹਰਚੰਦਪੁਰੀ ਪ੍ਰਧਾਨ, ਜੋਰਾ ਸਿੰਘ ਮੰਡੇਰ ਕੈਨੇਡਾ, ਅਨੋਖ ਸਿੰਘ ਵਿਰਕ ਅਤੇ ਡਾ. ਭਗਵੰਤ ਸਿੰਘ ਸ਼ਾਮਲ ਹੋਏ। ਅਮਰ ਗਰਗ ਕਲਮਦਾਨ ਨੇ ਪੂਰਬੀ ਦਰਸ਼ਨ ਦੇ ਪ੍ਰਸੰਗ ਵਿੱਚ ਪੇਪਰ ਪ੍ਰਸਤੁਤ ਕੀਤਾ, ਜਿਸ ਵਿੱਚ ਉਸਨੇ ਰੂਹਾਨੀਅਤ ਦੇ ਸੰਕਲਪਾਂ ਨੂੰ ਉਭਾਰਿਆ। ਬਹਿਸ ਦਾ ਅਰੰਭ ਕਰਦੇ ਹੋਏ ਨਿਹਾਲ ਸਿੰਘ ਮਾਨ ਨੇ ਗੁਰਮਤਿ ਦੇ ਆਸ਼ੇ ਅਨੁਸਾਰ ਲੇਖਕਾਂ ਨੂੰ ਸ਼ਾਵਨਵਾਦੀ ਸੋਚ ਤੋਂ ਬਚਣ ਦਾ ਸੁਨੇਹਾ ਦਿੱਤਾ। ਸੁਰਿੰਦਰ ਸ਼ਰਮਾ ਨਾਗਰਾ ਨੇ ਸੰਕੀਰਣਤਾ ਤੋਂ ਬਚਣ ਦਾ ਸੰਦੇਸ਼ ਦਿੱਤਾ। ਸੰਤ ਸਿੰਘ ਬੀਹਲਾ ਨੇ ਆਪਣੇ ਭਾਵ ਪ੍ਰਗਟ ਕਰਦੇ ਹੋਏ ਗੁਰਬਾਣੀ ਹਵਾਲੇ ਨਾਲ ਗਿਆਨ—ਹੰਕਾਰ ਦੇ ਨਾਕਾਰਤਮਕ ਪਹਿਲੂਆਂ ਨੂੰ ਦਰਸਾਇਆ। ਜੋਰਾ ਸਿੰਘ ਮੰਡੇਰ ਨੇ ਪੂਰਬੀ ਤੇ ਪੱਛਮੀ ਫਲਸਫੇ ਬਾਰੇ ਬੋਲਦੇ ਹੋਏ ਕਿਹਾ ਕਿ ਪ੍ਰਵਾਸ ਨੇ ਪੰਜਾਬ ਨੂੰ ਉਜਾੜ ਦਿੱਤਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪ੍ਰਸਥਿਤੀਆਂ ਨੇ ਸਾਨੂੰ ਮਜਬੂਰ ਕਰ ਦਿੱਤਾ ਹੈ। ਅਨੋਖ ਸਿੰਘ ਵਿਰਕ, ਜਗਦੀਪ ਸਿੰਘ ਗੰਧਾਰਾ, ਗੁਲਜਾਰ ਸਿੰਘ ਸ਼ੌਂਕੀ, ਗੁਰਨਾਮ ਸਿੰਘ, ਰਣਜੀਤ ਅਜ਼ਾਦ ਕਾਂਝਲਾ, ਸ਼ੇਰ ਸਿੰਘ, ਡਾ ਰਾਕੇਸ਼ ਸ਼ਰਮਾ ਨੇ ਵੀ ਚਰਚਾ ਵਿੱਚ ਭਾਗ ਲਿਆ। ਪਵਨ ਹਰਚੰਦਪੁਰੀ ਦਾ ਇਹ ਮੰਨਣਾ ਸੀ ਕਿ ਲੇਖਕਾਂ ਨੂੰ ਸਾਡੇ ਗੁਰਮਤਿ ਅਤੇ ਪੂਰਬੀ ਫਲਸਫੇ ਤੋਂ ਸੇਧ ਲੈ ਕੇ ਉਸਾਰੂ ਰਚਨਾ ਕਰਨੀ ਚਾਹੀਦੀ ਹੈ। ਡਾ. ਭਗਵੰਤ ਸਿੰਘ ਨੇ ਸਾਹਿਤ ਵਿੱਚ ਉਲਾਰੂ ਪ੍ਰਵਿਰਤੀ ਦੇ ਮਾੜੇ ਰੁਝਾਨਾਂ ਬਾਰੇ ਕਿਹਾ ਕਿ ਸਾਨੂੰ ਪੂਰਬੀ ਦਰਸ਼ਨ ਅਨੁਸਾਰ ਮਾਡਲ ਦਾ ਅਨੁਸਰਨ ਕਰਨਾ ਚਾਹੀਦਾ ਹੈ। ਡਾ. ਤੇਜਵੰਤ ਮਾਨ ਨੇ ਪ੍ਰਧਾਨਗੀ ਭਾਸ਼ਣ ਦਿੰਦੇ ਹੋਏ ਕਿਹਾ ਕਿ ਅਜਿਹੀਆਂ ਸਾਰਥਿਕ ਗੋਸ਼ਟੀਆ ਹੋਣੀਆਂ ਚਾਹੀਦੀਆਂ ਹਨ। ਸਾਹਿਤ ਨੂੰ ਸਾਪੇਖੀ ਹੋਣਾ ਚਾਹੀਦਾ ਹੈ। ਤਾਂ ਹੀ ਸਮਾਜ ਅਜੋਕੀਆਂ ਵਿਸੰਗਤੀਆਂ ਤੋਂ ਉਭਰ ਸਕੇਗਾ, ਡਾ. ਰਾਕੇਸ਼ ਸ਼ਰਮਾ ਨੇ ਪੁਰਖਲੂਸ ਅੰਦਾਜ਼ ਵਿੱਚ ਗਜ਼ਲ ਦਾ ਗਾਇਨ ਕਰਕੇ ਗੋਸ਼ਟੀ ਨੂੰ ਰਸਮਈ ਬਣਾ ਦਿੱਤਾ।

## ਇਨਕਲਾਬੀ ਪੰਜਾਬੀ ਕਵੀ ਦਰਸ਼ਨ ਖਟਕੜ ਸ. ਪ੍ਰੀਤਮ ਸਿੰਘ ਬਾਸੀ ਯਾਦਗਾਰੀ ਸਾਹਿੱਤ ਪੁਰਸਕਾਰ ਨਾਲ ਸਨਮਾਨਿਤ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾਃ 24 ਫਰਵਰੀ : ਸਵਰਗੀ ਡਾ. ਦਰਸ਼ਨ ਗਿੱਲ ਤੇ ਸਾਥੀਆਂ ਵੱਲੋਂ ਪੱਚੀ ਸਾਲ ਪਹਿਲਾਂ ਸਥਾਪਿਤ ਬੀ ਸੀ ਕਲਚਰਲ ਫਾਉਂਡੇਸ਼ਨ(ਰਜਿਃ) ਸਰੀ (ਕੈਨੇਡਾ) ਵੱਲੋਂ ਸਥਾਪਿਤ ਸਵਰਗੀ ਸ. ਪ੍ਰੀਤਮ ਸਿੰਘ ਬਾਸੀ ਪੁਰਸਕਾਰ ਅੱਜ ਪੰਜਾਬੀ ਕਵੀ ਦਰਸ਼ਨ ਖਟਕੜ ਨੂੰ ਗੁਜਰਾਂਵਾਲਾ ਗੁਰੂ ਨਾਨਕ ਖ਼ਾਲਸਾ ਕਾਲਿਜ ਲੁਧਿਆਣਾ ਦੇ ਪਰਵਾਸੀ ਸਾਹਿੱਤ ਅਧਿਐਨ ਕੇਂਦਰ ਵਿਖੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਸਹਿਯੋਗ ਨਾਲ ਦਿੱਤਾ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਉੱਘੇ ਲੇਖਕ ਡਾ. ਵਰਿਆਮ ਸਿੰਘ ਸੰਧੂ ਸ਼ਾਮਿਲ ਹੋਏ ਜਦ ਕਿ ਸਮਾਗਮ ਦੀ ਪ੍ਰਧਾਨਗੀ ਡਾ. ਸ ਪ ਸਿੰਘ ਸਾਬਕਾ ਵਾਈਸ ਚਾਂਸਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਸ਼ਾਮਿਲ ਹੋਏ। ਵਿਸ਼ੇਸ਼ ਮਹਿਮਾਨ ਵਜੋਂ ਪੰਜਾਬੀ ਕਵੀ ਮੋਹਨ ਗਿੱਲ( ਕੈਨੇਡਾ) ਸ਼ਾਮਿਲ ਹੋਏ। ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਜਨਰਲ ਸਕੱਤਰ ਡਾ. ਗੁਰਇਕਬਾਲ ਸਿੰਘ ਨੇ ਇਨਕਲਾਬੀ ਕਵੀ ਦਰਸ਼ਨ ਖਟਕੜ ਦੀ ਸਾਹਿੱਤ ਸੇਵਾ ਤੇ ਜੀਵਨ ਬਾਰੇ ਮੁੱਖ ਭਾਸ਼ਨ ਦੇਂਦਿਆਂ ਕਿਹਾ ਕਿ ਦਰਸ਼ਨ ਖਟਕੜ ਵੱਲੋਂ 1971 ਵਿੱਚ ਵਿਦਿਆਰਥੀ ਲਹਿਰ ਦੇ ਆਗੂ ਵਜੋਂ ਜੇਲ੍ਹ ਜਾਣ ਤੋਂ ਪਹਿਲਾਂ ਅਤੇ ਜੇਲ੍ਹ ਵਾਸ ਦੌਰਾਨ ਲਿਖੀਆਂ ਕਵਿਤਾਵਾਂ 'ਸੰਗੀ ਸਾਥੀ' ਕਾਵਿ ਪੁਸਤਕ ਦੇ ਰੂਪ ਵਿੱਚ 1973 ਵਿੱਚ ਛਪੀ ਜਦ ਕਿ 2010 ਵਿੱਚ 'ਉਲਟੇ ਰੁਖ਼ ਪਰਵਾਜ਼' ਦੂਜਾ ਕਾਵਿ ਸੰਗ੍ਰਹਿ ਛਪਿਆ ਜੋ ਨਕਸਲੀ ਕਾਵਿ ਪਰੰਪਰਾ ਦੀ ਨਿਰੰਤਰਤਾ ਨੂੰ ਪੇਸ਼ ਕਰਦਾ ਬਾਜ਼ਾਰ ਮੁਖੀ ਰੁਝਾਨ 'ਤੇ ਤਿੱਖਾ ਵਾਰ ਕਰਦਾ ਹੈ। ਆਪ ਦੀਆਂ ਹੋਰ ਲਿਖਤਾਂ 'ਵਿਲਾਇਤ ਨੂੰ 94 ਖ਼ਤ ਅਤੇ ਯਾਦਾਂ' ਹਨ ਜਿਸਨੂੰ ਦਵਿੰਦਰ ਨੌਰਾ ਨੇ ਸੰਪਾਦਿਤ ਕੀਤਾ। ਉਨ੍ਹਾਂ ਬਾਰੇ ਇੱਕ ਵੱਡ ਆਕਾਰੀ ਪੁਸਤਕ 'ਦਰਸ਼ਨ ਖਟਕੜ: ਸੰਘਰਸ਼ ਤੇ ਸ਼ਾਇਰੀ ਨੂੰ ਸੁਖਵਿੰਦਰ ਕੰਬੋਜ ,ਰਵਿੰਦਰ ਸਹਿਰਾ ਤੇ ਸੁਖਵਿੰਦਰ ਗਿੱਲ ਨੇ ਸੰਪਾਦਿਤ ਕੀਤਾ। ਆਪ ਨੇ ਪਿਛਲੇ ਸਾਲ ਮਾਰਕਸ ਦੀ ਮਹੱਤਵਪੂਰਨ ਪੋਥੀ 'ਪੂੰਜੀ ਨੂੰ ਪੜ੍ਹਦੇ ਪੜ੍ਹਦੇ' ਛਪੀ ਹੈ।

ਸਮਾਗਮ ਦੇ ਮੁੱਖ ਮਹਿਮਾਨ ਡਾ. ਵਰਿਆਮ ਸਿੰਘ ਸੰਧੂ ਨੇ ਕਿਹਾ ਕਿ ਦਰਸ਼ਨ ਖਟਕੜ ਦਾ ਜੀਵਨ ਤੇ ਰਚਨਾ ਪਹਿਲੇ ਕਦਮ ਤੋਂ ਅੱਜ ਤੀਕ ਲੋਕ ਮੁਕਤੀ ਮਾਰਗ ਤੇ ਤੁਰ ਰਹੀ ਹੈ। ਉਸ ਨੇ ਮੱਧ ਯੁੱਗ ਦੇ ਸਿੱਖ ਨਾਇਕਾਂ ਦੀ ਕਵਿਤਾ ਵਿੱਚ ਸ਼ਮੂਲੀਅਤ ਕਰਕੇ ਸਮੁੱਚੀ ਨਕਸਲਬਾੜੀ ਅਸਰ ਵਾਲੀ ਸ਼ਾਇਰੀ ਦਾ ਰੁਖ਼ ਮੋੜਿਆ। ਉਹ ਰੂਸ ਤੇ ਤੀਨ ਦੀਆਂ ਇਨਕਲਾਬੀ ਲਹਿਰਾਂ ਦੇ ਨਾਲ ਨਾਲ ਪੰਜਾਬ ਦੀ ਰਹਿਤਲ ਨੂੰ ਵੀ ਸ਼ਾਇਰੀ ਵਿੱਚ ਗੁੰਨ੍ਹਦਾ ਹੈ।

ਸਮਾਗਮ ਦੀ ਪ੍ਰਧਾਨਗੀ ਕਰਦਿਆਂ ਡਾ. ਸ ਪ ਸਿੰਘ ਨੇ ਕਿਹਾ ਕਿ ਮੰਗਾ ਸਿੰਘ ਬਾਸੀ ਨੇ ਸਪੁੱਤਰ ਹੋਣ ਦਾ ਪ੍ਰਮਾਣ ਦਿੱਤਾ ਹੈ ਜਿਸ ਨੇ ਸਤਿਕਾਰਤ ਪਿਤਾ ਜੀ ਦੀ ਯਾਦ ਵਿੱਚ ਇਹ ਪੁਰਸਕਾਰ ਸਥਾਪਤ ਕੀਤਾ ਹੈ। ਸਮਾਗਮ ਵਿੱਚ ਮੰਗਾ ਸਿੰਘ ਬਾਸੀ ਦੇ ਸਤਿਕਾਰਤ ਭੈਣ ਜੀ ਪ੍ਰਕਾਸ਼ ਕੌਰ, ਜੀਜਾ ਜੀ ਸ. ਛੱਜਾ ਸਿੰਘ , ਭਤੀਜਾ ਸ. ਜਸਪਾਲ ਸਿੰਘ ਬਾਸੀ ਤੇ ਉਸ ਦੀ ਜੀਵਨ ਸਾਥਣ ਤੋਂ ਇਲਾਵਾ ਮਿੱਤਰ ਸ. ਸੰਤੋਖ ਸਿੰਘ ਬਾਸੀ ਨੂਰਮਹਿਲ ਸ਼ਾਮਿਲ ਹੋਏ। ਸਭ ਨੂੰ ਸਮਾਗਮ ਵਿੱਚ ਸਨਮਾਨਿਤ ਕੀਤਾ ਗਿਆ।

ਧੰਨਵਾਦ ਦੇ ਸ਼ਬਦ ਬੋਲਦਿਆਂ ਦਰਸ਼ਨ ਖਟਕੜ ਨੇ ਕਿਹਾ ਕਿ ਵਿਗਿਆਨ ਦਾ ਵਿਦਿਆਰਥੀ ਹੋਂਣ ਦੇ ਬਾਵਜੂਦ ਪੰਜਾਬੀ ਕਵਿਤਾ ਮੇਰੇ ਦਿਲ ਦੀ ਬਾਤ ਰਹੀ ਹੈ। ਉਨ੍ਹਾਂ ਇਸ ਮੌਕੇ ਗਾਜ਼ਾ ਪੱਟੀ ਦੇ ਸੰਘਰਸ਼ ਬਾਰੇ ਗੀਤ ਸੁਣਾਉਂਦਿਆਂ ਪੁਰਸਕਾਰ ਲਈ ਮੰਗਾ ਸਿੰਘ




ਬਾਸੀ ਤੇ ਬੀ ਸੀ ਕਲਚਰਲ ਫਾਉਂਡੇਸ਼ਨ ਦਾ ਧੰਨਵਾਦ ਕੀਤਾ।

ਸਮਾਗਮ ਦੇ ਵਿਸ਼ੇਸ਼ ਮਹਿਮਾਨ ਤੇ ਸੱਰੀ(ਕੈਨੇਡਾ) ਵੱਸਦੇ ਕਵੀ ਮੋਹਨ ਗਿੱਲ ਨੇ ਕਿਹਾ ਕਿ ਇਹ ਪੁਰਸਕਾਰ ਬੀੜ ਬੰਸੀਆਂ(ਜਲੰਧਰ) ਦੇ ਜੰਮਪਲ ਤੇ ਵਰਤਮਾਨ ਸਮੇਂ ਕੈਨੇਡਾ ਵਾਸੀ ਸਾਡੇ ਪਿਆਰੇ ਮਿੱਤਰ ਪੰਜਾਬੀ ਕਵੀ ਮੰਗਾ ਸਿੰਘ ਬਾਸੀ ਨੇ ਆਪਣੇ ਸਤਿਕਾਰਯੋਗ ਪਿਤਾ ਜੀ ਤੇ ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਦੇ ਸਰਪ੍ਰਸਤ ਸ. ਪ੍ਰੀਤਮ ਸਿੰਘ ਬਾਸੀ ਜੀ ਦੀ ਯਾਦ ਵਿੱਚ ਸਥਾਪਿਤ ਕਰਕੇ ਸਭਨਾਂ ਲਈ ਮਿਸਾਲ ਕਾਇਮ ਕੀਤੀ ਹੈ। ਇਸ ਪੁਰਸਕਾਰ ਵਿੱਚ ਦਰਸ਼ਨ ਖਟਕੜ ਜੀ ਨੂੰ 51 ਹਜ਼ਾਰ ਰੁਪਏ ਦੀ ਧਨ ਰਾਸ਼ੀ ,ਫੁਲਕਾਰੀ ਤੋਂ ਇਲਾਵਾ ਸ਼ੋਭਾ ਪੱਤਰ ਵੀ ਦਿੱਤਾ ਗਿਆ। ਸ਼ੋਭਾ ਪੱਤਰ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਦੀ ਮੁਖੀ ਪ੍ਰੋ. ਸ਼ਰਨਜੀਤ ਕੌਰ ਨੇ ਪੜ੍ਹਿਆ। ਦਰਸ਼ਨ ਖਟਕੜ ਦੀ ਇੱਕ ਗ਼ਜ਼ਲ ਦਾ ਗਾਇਨ ਸੁਰੀਲੇ ਪੰਜਾਬੀ ਕਵੀ ਤ੍ਰੈਲੋਚਨ ਲੋਚੀ ਨੇ ਕੀਤਾ। ਵਿਸ਼ਵ ਪੰਜਾਬੀ ਸਭਾ ਟੋਰੰਟੋ ਦੀ ਭਾਰਤੀ ਪ੍ਰਧਾਨ ਬਲਬੀਰ ਕੌਰ ਰਾਏਕੋਟੀ ਨੇ ਸਭਾ ਵੱਲੋਂ ਗੁਰਮੁਖੀ ਅੱਖਰਮਾਲਾ ਵਾਲੇ ਸ਼ਾਲ ਭੇਂਟ ਕੀਤੇ। ਇਸ ਸਮਾਗਮ ਨੂੰ ਮਾਲਵਾ ਟੀ ਵੀ ਵੱਲੋਂ ਲਾਈਵ ਟੈਲੀਕਾਸਟ ਕੀਤਾ ਗਿਆ। ਕਾਲਿਜ ਦੇ ਪ੍ਰਿੰਸੀਪਲ ਡਾ. ਅਰਵਿੰਦਰ ਸਿੰਘ ਭੱਲਾ ਨੇ ਪੰਜਾਬੀ ਪਿਆਰਿਆਂ ਨੂੰ ਸਮਾਗਮ ਵਿੱਚ ਸ਼ਾਮਿਲ ਹੋਣ ਦਾ ਧੰਨਵਾਦ ਕੀਤਾ। ਇਸ ਸਮਾਗਮ ਵਿੱਚ ਸ. ਹਰਸ਼ਰਨ ਸਿੰਘ ਨਰੂਲਾ ਆਨਰੇਰੀ ਜਨਰਲ ਸਕੱਤਰ ਕਾਲਿਜ ਪ੍ਰਬੰਧਕ ਕਮੇਟੀ, ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.)ਦੇ ਪ੍ਰਧਾਨ ਦਰਸ਼ਨ ਬੁੱਟਰ,ਟੋਰੰਟੋ ਵਾਸੀ ਕਾਰੋਬਾਰੀ ਸ. ਇੰਦਰਜੀਤ ਸਿੰਘ ਬੱਲ,ਕੁਲਵਿੰਦਰ ਸਿੰਘ,ਪ੍ਰੋ. ਜਾਗੀਰ ਸਿੰਘ ਕਾਹਲੋਂ, ਸਤਿੰਦਰਪਾਲ ਸਿੰਘ ਸਿੱਧਵਾਂ, ਡਾ. ਸੋਹਣ ਸਿੰਘ ਪਰਮਾਰ, ਅੰਗਰੇਜ਼ ਸਿੰਘ ਬਰਾੜ (ਸੱਰੀ) ਪ੍ਰੋ. ਰਵਿੰਦਰ ਸਿੰਘ ਭੱਠਲ ,ਡਾ. ਲਖਵਿੰਦਰ ਸਿੰਘ ਜੌਹਲ ਸਾਬਕਾ ਪ੍ਰਧਾਨ ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ , ਪ੍ਰਿੰਸੀਪਲ (ਰੀਟ.)ਡਾ. ਪਰਮਜੀਤ ਸਿੰਘ ਗਰੇਵਾਲ ਵੀ ਪਹੁੰਚੇ। ਮੰਚ ਸੰਚਾਲਨ ਡਾ. ਤੇਜਿੰਦਰ ਕੌਰ ਕੋਆਰਡੀਨੇਟਰ ਪਰਵਾਸੀ ਸਾਹਿੱਤ ਅਧਿਐਨ ਕੇਂਦਰ ਨੇ ਕੀਤਾ।


ਸਮਾਗਮ ਦੀ ਪ੍ਰਧਾਨਗੀ ਕਰਦਿਆਂ ਡਾ. ਸ ਪ ਸਿੰਘ ਨੇ ਕਿਹਾ ਕਿ ਮੰਗਾ ਸਿੰਘ ਬਾਸੀ ਨੇ ਸਪੁੱਤਰ ਹੋਣ ਦਾ ਪ੍ਰਮਾਣ ਦਿੱਤਾ ਹੈ ਜਿਸ ਨੇ ਸਤਿਕਾਰਤ ਪਿਤਾ ਜੀ ਦੀ ਯਾਦ ਵਿੱਚ ਇਹ ਪੁਰਸਕਾਰ ਸਥਾਪਤ ਕੀਤਾ ਹੈ। ਸਮਾਗਮ ਵਿੱਚ ਮੰਗਾ ਸਿੰਘ ਬਾਸੀ ਦੇ ਸਤਿਕਾਰਤ ਭੈਣ ਜੀ ਪ੍ਰਕਾਸ਼ ਕੌਰ, ਜੀਜਾ ਜੀ ਸ. ਛੱਜਾ ਸਿੰਘ , ਭਤੀਜਾ ਸ. ਜਸਪਾਲ ਸਿੰਘ ਬਾਸੀ ਤੇ ਉਸ ਦੀ ਜੀਵਨ ਸਾਥਣ ਤੋਂ ਇਲਾਵਾ ਮਿੱਤਰ ਸ. ਸੰਤੋਖ ਸਿੰਘ ਬਾਸੀ ਨੂਰਮਹਿਲ ਸ਼ਾਮਿਲ ਹੋਏ। ਸਭ ਨੂੰ ਸਮਾਗਮ ਵਿੱਚ ਸਨਮਾਨਿਤ ਕੀਤਾ ਗਿਆ।

ਧੰਨਵਾਦ ਦੇ ਸ਼ਬਦ ਬੋਲਦਿਆਂ ਦਰਸ਼ਨ ਖਟਕੜ ਨੇ ਕਿਹਾ ਕਿ ਵਿਗਿਆਨ ਦਾ ਵਿਦਿਆਰਥੀ ਹੋਂਣ ਦੇ ਬਾਵਜੂਦ ਪੰਜਾਬੀ ਕਵਿਤਾ ਮੇਰੇ ਦਿਲ ਦੀ ਬਾਤ ਰਹੀ ਹੈ। ਉਨ੍ਹਾਂ ਇਸ ਮੌਕੇ ਗਾਜ਼ਾ ਪੱਟੀ ਦੇ ਸੰਘਰਸ਼ ਬਾਰੇ ਗੀਤ ਸੁਣਾਉਂਦਿਆਂ ਪੁਰਸਕਾਰ ਲਈ ਮੰਗਾ ਸਿੰਘ ਬਾਸੀ ਤੇ ਬੀ ਸੀ ਕਲਚਰਲ ਫਾਉਂਡੇਸ਼ਨ ਦਾ ਧੰਨਵਾਦ ਕੀਤਾ। ਸਮਾਗਮ ਦੇ ਵਿਸ਼ੇਸ਼ ਮਹਿਮਾਨ ਤੇ ਸੱਰੀ(ਕੈਨੇਡਾ) ਵੱਸਦੇ ਕਵੀ ਮੋਹਨ ਗਿੱਲ ਨੇ ਕਿਹਾ ਕਿ ਇਹ ਪੁਰਸਕਾਰ ਬੀੜ ਬੰਸੀਆਂ(ਜਲੰਧਰ) ਦੇ ਜੰਮਪਲ ਤੇ ਵਰਤਮਾਨ ਸਮੇਂ ਕੈਨੇਡਾ ਵਾਸੀ ਸਾਡੇ ਪਿਆਰੇ ਮਿੱਤਰ ਪੰਜਾਬੀ ਕਵੀ ਮੰਗਾ ਸਿੰਘ ਬਾਸੀ ਨੇ ਆਪਣੇ ਸਤਿਕਾਰਯੋਗ ਪਿਤਾ ਜੀ ਤੇ ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਦੇ ਸਰਪ੍ਰਸਤ ਸ. ਪ੍ਰੀਤਮ ਸਿੰਘ ਬਾਸੀ ਜੀ ਦੀ ਯਾਦ ਵਿੱਚ ਸਥਾਪਿਤ ਕਰਕੇ ਸਭਨਾਂ ਲਈ ਮਿਸਾਲ ਕਾਇਮ ਕੀਤੀ ਹੈ। ਇਸ ਪੁਰਸਕਾਰ ਵਿੱਚ ਦਰਸ਼ਨ ਖਟਕੜ ਜੀ ਨੂੰ 51 ਹਜ਼ਾਰ ਰੁਪਏ ਦੀ ਧਨ ਰਾਸ਼ੀ ,ਫੁਲਕਾਰੀ ਤੋਂ ਇਲਾਵਾ ਸ਼ੋਭਾ ਪੱਤਰ ਵੀ ਦਿੱਤਾ ਗਿਆ। ਸ਼ੋਭਾ ਪੱਤਰ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਦੀ ਮੁਖੀ ਪ੍ਰੋ. ਸ਼ਰਨਜੀਤ ਕੌਰ ਨੇ ਪੜ੍ਹਿਆ। ਦਰਸ਼ਨ ਖਟਕੜ ਦੀ ਇੱਕ ਗ਼ਜ਼ਲ ਦਾ ਗਾਇਨ ਸੁਰੀਲੇ ਪੰਜਾਬੀ ਕਵੀ ਤ੍ਰੈਲੋਚਨ ਲੋਚੀ ਨੇ ਕੀਤਾ। ਵਿਸ਼ਵ ਪੰਜਾਬੀ ਸਭਾ ਟੋਰੰਟੋ ਦੀ ਭਾਰਤੀ ਪ੍ਰਧਾਨ ਬਲਬੀਰ ਕੌਰ ਰਾਏਕੋਟੀ ਨੇ ਸਭਾ ਵੱਲੋਂ ਗੁਰਮੁਖੀ ਅੱਖਰਮਾਲਾ ਵਾਲੇ ਸ਼ਾਲ ਭੇਂਟ ਕੀਤੇ। ਇਸ ਸਮਾਗਮ ਨੂੰ ਮਾਲਵਾ ਟੀ ਵੀ ਵੱਲੋਂ ਲਾਈਵ ਟੈਲੀਕਾਸਟ ਕੀਤਾ ਗਿਆ। ਕਾਲਿਜ ਦੇ ਪ੍ਰਿੰਸੀਪਲ ਡਾ. ਅਰਵਿੰਦਰ ਸਿੰਘ ਭੱਲਾ ਨੇ ਪੰਜਾਬੀ ਪਿਆਰਿਆਂ ਨੂੰ ਸਮਾਗਮ ਵਿੱਚ ਸ਼ਾਮਿਲ ਹੋਣ ਦਾ ਧੰਨਵਾਦ ਕੀਤਾ। ਇਸ ਸਮਾਗਮ ਵਿੱਚ ਸ. ਹਰਸ਼ਰਨ ਸਿੰਘ ਨਰੂਲਾ ਆਨਰੇਰੀ ਜਨਰਲ ਸਕੱਤਰ ਕਾਲਿਜ ਪ੍ਰਬੰਧਕ ਕਮੇਟੀ, ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.)ਦੇ ਪ੍ਰਧਾਨ ਦਰਸ਼ਨ ਬੁੱਟਰ,ਟੋਰੰਟੋ ਵਾਸੀ ਕਾਰੋਬਾਰੀ ਸ. ਇੰਦਰਜੀਤ ਸਿੰਘ ਬੱਲ,ਕੁਲਵਿੰਦਰ ਸਿੰਘ,ਪ੍ਰੋ. ਜਾਗੀਰ ਸਿੰਘ ਕਾਹਲੋਂ, ਸਤਿੰਦਰਪਾਲ ਸਿੰਘ ਸਿੱਧਵਾਂ, ਡਾ. ਸੋਹਣ ਸਿੰਘ ਪਰਮਾਰ, ਅੰਗਰੇਜ਼ ਸਿੰਘ ਬਰਾੜ (ਸੱਰੀ) ਪ੍ਰੋ. ਰਵਿੰਦਰ ਸਿੰਘ ਭੱਠਲ ,ਡਾ. ਲਖਵਿੰਦਰ ਸਿੰਘ ਜੌਹਲ ਸਾਬਕਾ ਪ੍ਰਧਾਨ ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ , ਪ੍ਰਿੰਸੀਪਲ (ਰੀਟ.)ਡਾ. ਪਰਮਜੀਤ ਸਿੰਘ ਗਰੇਵਾਲ ਵੀ ਪਹੁੰਚੇ। ਮੰਚ ਸੰਚਾਲਨ ਡਾ. ਤੇਜਿੰਦਰ ਕੌਰ ਕੋਆਰਡੀਨੇਟਰ ਪਰਵਾਸੀ ਸਾਹਿੱਤ ਅਧਿਐਨ ਕੇਂਦਰ ਨੇ ਕੀਤਾ।


## ਮਾਲਵਾ ਸੱਭਿਆਚਾਰ ਮੰਚ ਵੱਲੋਂ ਲੋਕ ਗਾਇਕਾ ਰਣਜੀਤ ਕੌਰ ਨੂੰ ਨਰਿੰਦਰ ਬੀਬਾ ਯਾਦਗਾਰੀ ਪੁਰਸਕਾਰ ਬਾਵਾ, ਦਾਖਾ, ਲਾਪਰਾਂ ਝਾਂਡੇ, ਲੋਟੇ ਤੇ ਗਰੇਵਾਲ ਵੱਲੋਂ ਭੇਂਟ

### ਬੀਬੀ ਰਣਜੀਤ ਕੌਰ "ਪਦਮ ਸ਼੍ਰੀ" ਪੁਰਸਕਾਰ ਦੀ ਹੱਕਦਾਰ— ਪ੍ਰੋ. ਗੁਰਭਜਨ ਸਿੰਘ ਗਿੱਲ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾਃ 24 ਫਰਵਰੀ : ਅੱਧੀ ਸਦੀ ਤੋਂ ਵੱਧ ਸਮਾਂ ਪੰਜਾਬੀ ਲੋਕ ਸੰਗੀਤ ਨੂੰ ਸਮਰਪਿਤ ਲੋਕ ਗੀਤਾਂ ਤੇ ਲੋਕ ਸੰਗੀਤ ਨੂੰ ਸਮਰਪਿਤ ਯੁੱਗ ਗਾਇਕਾ ਬੀਬੀ ਰਣਜੀਤ ਕੌਰ ਨੂੰ ਅੱਜ ਮਾਲਵਾ ਸੱਭਿਆਚਾਰਕ ਮੰਚ ਵੱਲੋਂ ਉਨ੍ਹਾਂ ਦੇ ਇੰਦਰਾ ਨਗਰ ਸਥਿਤ ਘਰ ਪਹੁੰਚ ਤੇ "ਨਰਿੰਦਰ ਬੀਬਾ ਯਾਦਗਾਰੀ ਲੋਕ ਸੰਗੀਤ ਪੁਰਸਕਾਰ"ਨਾਲ ਸਨਮਾਨਿਤ ਕੀਤਾ ਗਿਆ। ਪੁਰਸਕਾਰ ਦੇਣ ਦੀ ਰਸਮ ਮਾਲਵਾ ਸੱਭਿਆਚਾਰਕ ਮੰਚ ਦੇ ਚੇਅਰਮੈਨ ਸ਼੍ਰੀ ਕ੍ਰਿਸ਼ਨ ਕੁਮਾਰ ਬਾਵਾ, ਪ੍ਰਧਾਨ ਜਸਬੀਰ ਸਿੰਘ ਰਾਣਾ ਝਾਂਡੇ, ਸਾਬਕਾ ਮੰਤਰੀ ਸ. ਮਲਕੀਤ ਸਿੰਘ ਦਾਖਾ, ਸ. ਪਰਗਟ ਸਿੰਘ ਗਰੇਵਾਲ, ਸਰਪ੍ਰਸਤ ਪ੍ਰੋ. ਮੋਹਨ ਸਿੰਘ ਮੈਮੋਰੀਅਲ ਫਾਊਂਡੇਸ਼ਨ, ਸੀਨੀਅਰ ਕਾਂਗਰਸੀ ਆਗੂ ਸ. ਗੁਰਦੇਵ ਸਿੰਘ ਲਾਪਰਾਂ, ਪ੍ਰੋ. ਗੁਰਭਜਨ ਸਿੰਘ ਗਿੱਲ ਚੇਅਰਮੈਨ ਪੰਜਾਬੀ ਲੋਕ ਵਿਰਾਸਤ ਅਕਾਡਮੀ ਤੇ ਸ. ਸੁਰਜੀਤ ਸਿੰਘ ਲੋਟੇ ਨੇ ਨਿਭਾਈ।

ਬੀਬੀ ਰਣਜੀਤ ਕੌਰ ਬਾਰੇ ਬੋਲਦਿਆਂ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਉਹ ਪੂਰੇ ਪੰਜਾਹ ਸਾਲ ਪਹਿਲਾਂ ਰਣਜੀਤ ਕੌਰ ਤੇ ਮੁਹੰਮਦ ਸਦੀਕ ਜੀ ਨੂੰ ਸੁਣਿਆ ਤੇ ਵੇਖਿਆ ਸੀ। ਇਨ੍ਹਾਂ ਦੇ ਗੀਤ ਸੁਣ ਕੇ ਹੀ ਅਸੀਂ ਲੋਕ ਜਵਾਨ ਹੋਏ ਸੀ।

ਪ੍ਰੋ. ਗਿੱਲ ਨੇ ਕਿਹਾ ਕਿ ਬੀਬੀ ਰਣਜੀਤ ਕੌਰ ਸੰਗੀਤ ਸੇਵਾ ਲਈ ਘੱਟੋ ਘੱਟ "ਪਦਮ ਸ਼੍ਰੀ" ਸਨਮਾਨ ਦੀ ਹੱਕਦਾਰ ਹੈ। ਉਹ ਪੰਜਾਬ ਸਰਕਾਰ ਨੂੰ ਵੀ ਇਹ ਸਿਫ਼ਾਰਸ਼ ਕਰਨ ਦੀ ਬੇਨਤੀ ਕਰਨਗੇ।

ਸ਼੍ਰੀ ਕ੍ਰਿਸ਼ਨ ਕੁਮਾਰ ਬਾਵਾ ਨੇ ਕਿਹਾ ਕਿ ਰਣਜੀਤ ਕੌਰ ਪੰਜਾਬ ਦੀ ਉਹ ਉੱਘੀ ਪੰਜਾਬੀ ਗਾਇਕਾ ਹੈ ਜਿਸਨੇ ਮੁਹੰਮਦ ਸਦੀਕ ਨਾਲ ਇਕੱਠਿਆਂ ਲਗਪਗ 35 ਸਾਲ ਗਾਇਆ। ਇਸ ਜੋੜੀ ਦੇ ਗਾਏ ਦੋਗਾਣੇ ਬਹੁਤ ਪ੍ਰਸਿੱਧ ਹੋਏ। ਰਣਜੀਤ ਕੌਰ ਨੇ ਬਤੌਰ ਅਦਾਕਾਰਾ ਵਜੋਂ ਕੁਝ ਪੰਜਾਬੀ ਫ਼ਿਲਮਾਂ ਵਿੱਚ ਵੀ ਕੰਮ ਕੀਤਾ ਹੈ, ਜਿਨ੍ਹਾਂ ਵਿੱਚੋਂ ਰਾਣੋ (1982), ਗੁੱਡੋ (1985), ਪਟੋਲਾ (1987) ਤੇ ਪੁੰਨਿਆ ਦੀ ਰਾਤ (2009) ਪ੍ਰਮੁੱਖ ਹਨ।

ਸਾਬਕਾ ਮੰਤਰੀ ਸ. ਮਲਕੀਤ ਸਿੰਘ ਦਾਖਾ ਨੇ ਕਿਹਾ ਕਿ ਰਣਜੀਤ ਕੌਰ ਜੀ ਦਾ ਜਨਮ ਪੰਜਾਬ ਦੇ ਜ਼ਿਲ੍ਹਾ ਰੋਪੜ ਵਿੱਚ ਪਿਤਾ ਗਿਆਨੀ ਆਤਮਾ ਸਿੰਘ ਦੇ ਘਰ ਹੋਇਆ ਸੀ ਪਰ ਬਾਅਦ ਵਿੱਚ ਗਿਆਨੀ ਆਤਮਾ ਸਿੰਘ ਪਰਿਵਾਰ ਲੁਧਿਆਣਾ ਆ ਕੇ ਵੱਸ ਗਿਆ ਜਿੱਥੇ 1966 ਵਿੱਚ ਰਣਜੀਤ ਕੌਰ ਦੀ ਦਸਵੀਂ ਵਿੱਚ ਪੜ੍ਹਦਿਆਂ ਦੀ ਪਹਿਲੀ ਰੀਕਾਰਡਿੰਗ ਅਮਰ ਸਿੰਘ ਸ਼ੇਰਪੁਰੀ ਨਾਲ ਦੋ ਗੀਤਾਂ ਦੀ ਹੋਈ। ਉਹ ਦੋ ਗੀਤ ਸਨ 'ਮਾਹੀ ਵੇ ਮਾਹੀ ਮੈਨੂੰ ਭੰਗ ਚੜ ਗਈ' ਦੂਸਰਾ 'ਗਾਲ ਬਿਨਾ ਨਾ ਬੋਲੇ ਨੀ ਜੱਟ ਮੱਘਾ ਜਿਹਾ' । ਇਹ ਦੋਵੇਂ ਗੀਤ ਉਸ ਸਮੇ ਬਹੁਤ ਮਸ਼ਹੂਰ ਹੋਏ।

1967 ਵਿਚ ਇਨ੍ਹਾਂ ਦੀ ਜੋੜੀ ਮੁਹੰਮਦ ਸਦੀਕ ਨਾਲ ਬਣ ਗਈ ਤੇ ਲਗਪਗ 35 ਸਾਲ ਇਕੱਠਿਆਂ ਗਾਇਆ।

ਰਣਜੀਤ ਕੌਰ ਨੇ ਉਸਤਾਦ ਜਨਾਬ ਬਾਕਿਰ ਹੁਸੈਨ ਨੂੰ ਉਸਤਾਦ ਧਾਰਿਆ

ਰਣਜੀਤ ਕੌਰ ਨੇ ਮੁਹੰਮਦ ਸਦੀਕ ਜੀ ਨਾਲ਼ ਕਰੀਬ 250 ਦੋਗਾਣੇ ਅਤੇ 39 ਸੋਲੋ ਗੀਤ ਰਿਕਾਰਡ ਕਰਵਾਏ।ਇਹਨਾਂ ਨੇ ਜ਼ਿਆਦਾਤਰ ਗੀਤ ਬਾਬੂ ਸਿੰਘ ਮਾਨ ਮਰਾੜਾਂ ਵਾਲ਼ਾ ਨੇ ਲਿਖੇ। ਗੀਤ ਗਾਏ।

ਸ. ਪਰਗਟ ਸਿੰਘ ਗਰੇਵਾਲ ਨੇ ਕਿਹਾ ਕਿ ਮੋਹਨ ਸਿੰਘ ਮੇਲਾ ਸ਼ੁਰੂ ਕਰਨ ਤੇ ਪੱਕੇ ਪੈਰੀਂ ਕਰਨ ਵਿੱਚ ਬੀਬੀ ਰਣਜੀਤ ਕੌਰ ਤੇ ਮੁਹੰਮਦ ਸਦੀਕ ਜੀ ਦਾ ਬਹੁਤ ਵੱਡਾ ਹਿੱਸਾ ਹੈ।


ਸ. ਗੁਰਦੇਵ ਸਿੰਘ ਲਾਪਰਾਂ ਨੇ ਦੱਸਿਆ ਕਿ ਮੈਂ ਬਚਪਨ ਤੋਂ ਹੀ ਇਨ੍ਹਾਂ ਦੇ ਗੀਤਾਂ ਦਾ ਪ੍ਰਸ਼ੰਸਕ ਹਾਂ। ਇਨ੍ਹਾਂ ਦੇ ਇਕੱਲਿਆਂ ਗਾਏ ਗੀਤ ਅੱਜ ਤੈਂ ਮੈਨੂੰ ਮਾਰ ਪੁਆਈ ਨਣਦੇ,ਤੇਰਾ ਸੋਨੇ ਦੀ ਜ਼ੰਜੀਰੀ ਵਾਲਾ ਕੁੜਤਾ ਮੈਂ ਕਿਹੜੀ ਕਿੱਲੀ ਟੰਗਾਂ ਵੀਰਨਾ ਖ਼ਾਲੀ ਘੋੜੀ ਹਿਣਕਦੀ ਉੱਤੇ ਨ੍ਹੀਂ ਦੀਂਹਦਾ ਵੀਰ,ਲੈ ਖ਼ਬਰ ਨਿਆਣੀ ਦੀ ਬਾਬਲਾ ਦਰਦ ਵੰਡਾ ਲੈ ਧੀ ਦੇ (ਗੀਤਕਾਰ ਬਾਬੂ ਰਜਬ ਅਲੀ) ਮਾਏ ਨੀ ਮਾਏ ਮੇਰੇ ਦਿਲਾਂ ਦੀਏ ਮਹਿਰਮੇ, ਬੁੱਝ ਮੇਰੀ ਮੁੱਠੀ ਵਿੱਚ ਕੀ, ਲਾਹ ਲਈ ਮੁੰਦਰੀ ਮੇਰੀ, ਚਾਲਾਂ ਦੇ ਨਾਲ ਵਈ ਵਈ,ਘੜਿਆ ਝਨਾਂ ਤੋਂ ਮੈਨੂੰ ਲਾ ਦੇ ਪਾਰ ਵੇ, ਡੂੰਘੇ ਡੁੱਬ ਗੇ ਜਿਗਰੀਆ ਯਾਰਾ ,ਮੈਂ ਪੱਤਣਾਂ ਤੇ ਭਾਲਦੀ ਫਿਰਾਂ ਗੁੱਡੀ ਵਾਂਗੂੰ ਅੱਜ ਮੈਨੂੰ ਸੱਜਣਾ , ਉਡਾਈ ਜਾ ਉਡਾਈ ਜਾ ,ਗੱਲਾਂ ਮੁੱਕੀ ਨਾ ਮਾਹੀ ਨਾਲ ਮੇਰੀ ਰੱਬਾ ਵੇ ਤੇਰੀ ਰਾਤ ਮੁੱਕ ਗਈ, ਗੁਰੂ ਨਾਨਕ ਵੀਰ ਦੀ ਘੋੜੀ ਪ੍ਰਮੁੱਖ ਹਨ।

ਬੀਬੀ ਰਣਜੀਤ ਕੌਰ ਨੇ ਮਾਲਵਾ ਸੱਭਿਆਚਾਰ ਮੰਚ ਦਾ ਘਰ ਪੁੱਜ ਕੇ ਸਨਮਾਨ ਦੇਣ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਭਾਵੇਂ ਵੱਧਦੀ ਉਮਰ ਦਾ ਵੀ ਅਸਰ ਹੈ ਪਰ ਮੈਂ ਅੱਜ ਵੀ ਪੰਜਾਬੀਆਂ ਦੇ ਸਭ ਤਰਾਂ ਦੇ ਦੁੱਖ ਸੁੱਖ ਵਿੱਚ ਸ਼ਾਮਲ ਹੁੰਦੀ ਹਾਂ ਤੇ ਰਹਿੰਦੀ ਉਮਰ ਵੀ ਸਰਗਰਮ ਰਹਾਂਗੀ।

ਮੰਚ ਦੇ ਪ੍ਰਧਾਨ ਜਸਬੀਰ ਸਿੰਘ ਰਾਣਾ ਝਾਂਡੇ ਤੇ ਸੁਰਜੀਤ ਸਿੰਘ ਲੋਟੇ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।

## ਰਣਬੀਰ ਕਾਲਜ ਦੇ ਐੱਨ ਐੱਸ ਐੱਸ ਕੈਂਪ ਵਿੱਚ ਕੁਇਜ਼ ਮੁਕਾਬਲਾ ਹੋਇਆ

ਵਰਲਡ ਪੰਜਾਬੀ ਟਾਈਮਜ਼
ਮੰਜੂ ਰਾਇਕਾ



ਸੰਗਰੂਰ 24 ਫਰਵਰੀ : ਰਣਬੀਰ ਕਾਲਜ ਦੇ ਐੱਨ ਐੱਸ ਐੱਸ ਕੈਂਪ ਦੇ ਵਲੰਟੀਅਰਜ਼ ਵੱਲੋਂ ਅੱਜ ਸਵੇਰ ਦੇ ਸੈਸ਼ਨ ਵਿੱਚ ਵੱਲੋਂ ਕੁਇਜ਼ ਮੁਕਾਬਲਾ ਰੱਖਿਆ ਗਿਆ ਜੋ ਕਿ ਐੱਨ ਐੱਸ ਐੱਸ ਨਾਲ਼ ਸਬੰਧਤ ਸੀ।ਇਸ ਵਿੱਚ ਸਾਰੇ ਹੀ ਵਿਦਿਆਰਥੀਆਂ ਨੇ ਭਾਗ ਲਿਆ। ਇਸ ਕੁਇਜ਼ ਮੁਕਾਬਲੇ ਵਿੱਚ ਐੱਨ ਐੱਸ ਐੱਸ ਦੇ ਨਾਲ ਸਬੰਧਤ ਸਵਾਲ ਪੁੱਛੇ ਗਏ।ਇਸ ਦੀ ਸਥਾਪਨਾ ,ਇਸ ਦੇ ਲੋਗੋ ਤੇ ਇਸ ਦੇ ਝੰਡੇ ਵਿੱਚ ਰੰਗਾਂ ਸਮੇਤ ਕਈ ਹੋਰ ਮਹੱਤਵਪੂਰਨ ਪ੍ਰਸ਼ਨ ਸਨ।ਇਸ ਮੁਕਾਬਲੇ ਵਿਚ ਸਾਰੇ ਹੀ ਵਿਦਿਆਰਥੀਆਂ ਨੇ ਭਾਗ ਲਿਆ। ਸਭ ਤੋਂ ਵੱਧ ਪ੍ਰਸ਼ਨਾਂ ਦੇ ਉੱਤਰ ਸ਼ਹਿਬਾਜ਼ ਅਤੇ ਬਾਦਲ ਨੇ ਦਿੱਤੇ। ਪ੍ਰੋਗਰਾਮ ਅਫ਼ਸਰ ਪ੍ਰੋ ਜਗਦੀਪ ਸਿੰਘ ਅਤੇ ਮੈਡਮ ਮਨਜੋਤ ਵੱਲੋਂ ਇਹਨਾਂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਉਸ ਤੋਂ ਬਾਅਦ ਕਈ ਵਿਦਿਆਰਥੀਆਂ ਨੇ ਆਪਣਾ ਤਜਰਬਾ ਵਿਦਿਆਰਥੀ ਸਾਥੀਆਂ ਨਾਲ ਸਾਂਝਾਂ ਕੀਤਾ। ਕਈ ਨਵੇਂ ਵਲੰਟੀਅਰਜ਼ ਨੇ ਦੱਸਿਆ ਕਿ ਐੱਨ ਐੱਸ ਐੱਸ ਕੈਂਪ ਵਿੱਚ ਆਉਣਾ ਉਨ੍ਹਾਂ ਨੂੰ ਵਧੀਆ ਲੱਗਿਆਂ,ਬਹੁਤ ਕੁਝ ਸਿੱਖਿਆ ਤੇ ਬਹੁਤ ਸਾਰੇ ਦੋਸਤ ਬਣਾਏ। ਸਾਰੇ ਹੀ ਵਿਦਿਆਰਥੀਆਂ ਨੂੰ ਅੱਗੇ ਤੋਂ ਵੀ ਅਜਿਹੇ ਕੈਂਪ ਵਿੱਚ ਹਾਜ਼ਰ ਹੋਣ ਦਾ ਸੱਦਾ ਦਿੱਤਾ। ਸਾਰੇ ਹੀ ਵਿਦਿਆਰਥੀਆਂ ਨੇ ਉਹਨਾਂ ਦੇ ਵਿਚਾਰਾਂ ਦੀ ਸ਼ਲਾਘਾ ਕੀਤੀ।ਮੈਡਮ ਮਨਜੋਤ ਕੌਰ ਨੇ ਵੀ ਵਲੰਟੀਅਰਜ਼ ਨਾਲ ਆਪਣੇ ਵਿਚਾਰ ਸਾਂਝੇ ਕੀਤੇ।ਪ੍ਰੋ ਜਗਦੀਪ ਸਿੰਘ ਤੇ ਮੈਡਮ ਮਨਜੋਤ ਕੌਰ ਨੇ ਆਪਸ ਵਿੱਚ ਵਿਚਾਰ ਸਾਂਝੇ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਸ਼ਾਬਾਸ਼ ਦਿੱਤੀ ਤੇ ਉਨ੍ਹਾਂ ਦਾ ਧੰਨਵਾਦ ਕੀਤਾ।

## ਲੇਖਕਾਂ ਨੇ ਮਾਂ ਬੋਲੀ ਪੰਜਾਬੀ ਲਈ ਪ੍ਰਭਾਵਸ਼ਾਲੀ ਲੋਕ ਜਾਗਾਵਾ ਕੀਤਾ

ਵਰਲਡ ਪੰਜਾਬੀ ਟਾਈਮਜ਼ ਡਾ. ਭਗਵੰਤ ਸਿੰਘ

ਸੰਗਰੂਰ 24 ਫਰਵਰੀ : "ਮਾਂ ਬੋਲੀ ਜੇ ਭੁੱਲ ਜਾਵੋਂਗੇ, ਕੱਖਾਂ ਵਾਂਗੂ ਰੁਲ ਜਾਵੋਂਗੇ" ਇਹ ਨਾਅਰਾ ਅੱਜ ਵੱਡਾ ਚੌਂਕ, ਸੰਗਰੂਰ ਵਿਖੇ ਅੰਤਰ ਰਾਸ਼ਟਰੀ ਮਾਂ ਬੋਲੀ ਦਿਵਸ ਦੇ ਅਵਸਰ ਤੇ ਪੰਜਾਬੀ ਸਾਹਿਤ ਸਭਾ ਸੰਗਰੂਰ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬੀ ਭਾਸ਼ਾ ਨੂੰ ਬਣਦਾ ਸਤਿਕਾਰ ਦਿਵਾਉਣ ਲਈ ਬਹੁਤ ਪ੍ਰਭਾਵਸ਼ਾਲੀ ਢੰਗ ਨਾਲ ਢੋਲ ਵਜਾ ਕੇ ਲੋਕਾਂ ਨੂੰ ਪ੍ਰੇਰਿਤ ਕਰਨ ਲਈ ਲੋਕ ਜਗਾਵੇ ਸਮੇਂ ਬੁਲੰਦ ਅਵਾਜ ਵਿੱਚ ਗੂੰਜਿਆ। ਸਾਹਿਤ



ਰਤਨ ਡਾ. ਤੇਜਵੰਤ ਮਾਨ ਦੀ ਸਰਪ੍ਰੀਤਸੀ ਅਤੇ ਪੰਜਾਬੀ ਸਾਹਿਤ ਸਭਾ ਸੰਗਰੂਰ ਦੇ ਪ੍ਰਧਾਨ ਡਾ. ਭਗਵੰਤ ਸਿੰਘ ਦੀ ਅਗਵਾਈ ਹੇਠ ਜਗਦੀਪ ਸਿੰਘ, ਕੁਲਵੰਤ ਕਸਕ, ਜੋਰਾ ਸਿੰਘ ਮੰਡੇਰ, ਅਮਰ ਗਰਗ ਕਲਮਦਾਨ, ਸੁਰਿੰਦਰਪਾਲ ਸਿੰਘ ਸਿਦਕੀ, ਡਾ. ਰਾਜੀਵ ਪੁਰੀ, ਮੀਤ ਸਕਰੌਦੀ, ਡਾ. ਇਕਬਾਲ ਸਿੰਘ, ਬਲਵੀਰ ਚੰਦ ਲੌਂਗੋਵਾਲ, ਸੰਦੀਪ ਸਿੰਘ, ਚਰਨਜੀਤ ਸਿੰਘ, ਹਰੀ ਚੰਦ, ਕਾਮਰੇਡ ਕੌਰ ਸੈਨ, ਦਰਸ਼ਨ ਸਿੰਘ ਢੀਂਡਸਾ, ਏ.ਪੀ. ਸਿੰਘ ਆਦਿ ਅਨੇਕਾਂ ਚਿੰਤਕਾਂ ਤੇ ਸਾਹਿਤਕਾਰਾਂ ਨੇ ਆਪਣੇ ਭਾਵ ਪ੍ਰਗਟ ਕਰਦੇ ਹੋਏ ਰਾਜ ਭਾਸ਼ਾ ਐਕਟ ਨੂੰ ਸਖਤੀ ਲਾਗੂ ਕੀਤਾ ਜਾਵੇ ਅਤੇ ਸਰਕਾਰੀ ਤੇ ਗੈਰ ਸਰਕਾਰੀ ਦਫ਼ਤਰਾਂ ਅਦਾਲਤਾਂ ਅਤੇ ਹੋਰ ਅਦਾਰਿਆਂ ਵਿੱਚ ਹਰ ਪੱਧਰ ਤੇ ਪੰਜਾਬੀ ਭਾਸ਼ਾ ਦੀ ਵਰਤੋਂ ਕੀਤੀ ਜਾਵੇ। ਲੇਖਕਾਂ ਨੇ ਦੁਕਾਨਦਾਰਾਂ ਨੂੰ ਪੰਜਾਬੀ ਵਿੱਚ ਸਾਈਨ ਬੋਰਡ ਲਾਉਣ ਲਈ ਪ੍ਰੇਰਿਆ। ਡਾ. ਮਾਨ ਨੇ ਕੌਮਾਂਤਰੀ ਪ੍ਰਸਥਿਤੀਆਂ ਦੇ ਸੰਦਰਭ ਵਿੱਚ ਪੰਜਾਬੀ ਭਾਸ਼ਾ ਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ ਪ੍ਰਭਾਵਸ਼ਾਲੀ ਭਾਸ਼ਣ ਦਿੱਤਾ।

## ਜਗਤ ਪੰਜਾਬੀ ਸਭਾ ਕੈਨੇਡਾ ਵੱਲੋਂ ਅਨੰਦਪੁਰ ਸਾਹਿਬ ਵਿਖੇ ਸਨਮਾਨ ਸਮਾਰੋਹ ਕਰਵਾਇਆ ਗਿਆ

ਵਰਲਡ ਪੰਜਾਬੀ ਟਾਈਮਜ਼



ਆਨੰਦਪੁਰ ਸਾਹਿਬ 24 ਫਰਵਰੀ : ਜਗਤ ਪੰਜਾਬੀ ਸਭਾ ਕੈਨੇਡਾ ਵਲੋਂ ਕਰਵਾਏ ਗਏ ਸਨਮਾਨ ਸਮਰੋਹ ਵਿੱਚ ਉਹਨਾ ਚੋਣਵੀਆਂ ਸਖਸ਼ੀਅਤਾਂ ਨੂੰ ਸਨਮਾਣਿਤ ਕੀਤਾ ਗਿਆ ਜਿਨਾਂ ਨੇ ਨੈਤਿਕ ਸਿੱਖਿਆ ਨੂੰ ਅਪਣਾਉਂਦੇ ਹੋਏ ਸਮਾਜ ਵਿਚ ਚੰਗੇ ਕੰਮ ਕੀਤੇ ਹਨ। ਇਹ ਸਨਮਾਨ ਸਮਾਰੋਹ ਜਗਤ ਪੰਜਾਬੀ ਸਭਾ ਕੈਨੇਡਾ ਦੇ ਚੇਅਰਮੈਨ ਸ੍ਰੀ ਅਜਾਇਬ ਸਿੰਘ ਚੱਠਾ ਦੀ ਅਗੁਵਾਈ ਹੇਠ ਕੀਤਾ ਗਿਆ ।ਇਸ ਸਮਾਰੋਹ ਦੇ ਮੁੱਖ ਮਹਿਮਾਨ ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਸਨ।ਇਸ ਮੌਕੇ ਤੇ ਰਾਜਸਥਾਨ ਦੇ ਹਨਮਾਨਗੜ ਜਿਲੇ ਤੋਂ ਪੰਜਾਬੀ ਅਧਿਆਪਕ ਅਨੋਖ ਸਿੰਘ ਨੂੰ ਭੀ ਸਨਮਾਨਿਤ ਕੀਤਾ ਗਿਆ।ਸਿੰਘ ਨੂੰ ਇਹ ਸਨਮਾਨ ਪੰਜਾਬੀ ਭਾਸ਼ਾ ਨੂੰ ਪ੍ਰਮੋਟ ਕਰਨ ਲਈ ਅਤੇ ਇੱਕ ਸਮਾਜ ਸੇਵੀ ਦੇ ਰੂਪ ਵਿੱਚ ਕੰਮ ਕਰਨ ਲਈ ਦਿੱਤਾ ਗਿਆ। ਰਾਜਸਥਾਨ ਵਿੱਚ ਮਾਂ ਬੋਲੀ ਪੰਜਾਬੀ ਨੂੰ ਪ੍ਰਮੋਟ ਕਰਨ ਲਈ ਲਗਾਤਾਰ ਕੰਮ ਕਰ ਰਹੇ ਹਨ।

## ਵਿਗਿਆਨਕ ਚੇਤਨਾ ਲਹਿਰ ਸਿਰਜਣ ਲਈ ਤਰਕਸ਼ੀਲ ਸੁਸਾਇਟੀ ਦੀ ਅਹਿਮ ਭੂਮਿਕਾ – ਅਮੋਲਕ ਸਿੰਘ

### ਕ੍ਰਿਸ਼ਨ ਬਰਗਾੜੀ ਯਾਦਗਾਰੀ ਸਨਮਾਨ ਨਾਮਵਰ ਕਲਾ ਇਤਿਹਾਸਕਾਰ ਅਤੇ ਚਿੰਤਕ ਸੁਭਾਸ਼ ਪਰਿਹਾਰ ਨੂੰ ਦਿੱਤਾ ਗਿਆ

ਵਰਲਡ ਪੰਜਾਬੀ ਟਾਈਮਜ਼ ਮਾਸਟਰ ਪਰਮਵੇਦ

ਬਰਨਾਲਾ 24 ਫਰਵਰੀ : ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਤਰਕਸ਼ੀਲ ਲਹਿਰ ਦੇ ਮਰਹੂਮ ਨਾਇਕ ਕ੍ਰਿਸ਼ਨ ਬਰਗਾੜੀ ਦੀ 23ਵੀਂ ਬਰਸੀ ਦੇ ਸਬੰਧ ਵਿੱਚ ਤਰਕਸ਼ੀਲ ਭਵਨ ਬਰਨਾਲਾ ਵਿਖੇ 'ਅਜੋਕੇ ਫਾਸ਼ੀਵਾਦੀ ਦੌਰ ਵਿੱਚ ਦਰਪੇਸ਼ ਚੁਣੌਤੀਆਂ ਅਤੇ ਸਾਡੇ ਕਾਰਜ' ਵਿਸ਼ੇ ਸਬੰਧੀ ਇਕ ਸੈਮੀਨਾਰ ਅਤੇ ਸਨਮਾਨ ਸਮਾਗਮ ਆਯੋਜਿਤ ਕੀਤਾ ਗਿਆ ਜਿਸਦੀ ਪ੍ਰਧਾਨਗੀ ਪਲਸ ਮੰਚ ਦੇ ਪ੍ਰਧਾਨ ਅਮੋਲਕ ਸਿੰਘ,ਸੂਬਾਈ ਜੱਥੇਬੰਦਕ ਆਗੂ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ ਸਟੈਨੋਂ, ਕ੍ਰਿਸ਼ਨ ਬਰਗਾੜੀ ਦੀ ਜੀਵਨ ਸਾਥਣ ਮੈਡਮ ਰਾਜਿੰਦਰ ਕੌਰ ਬਰਗਾੜੀ ਅਤੇ ਰਾਜਪਾਲ ਬਠਿੰਡਾ ਨੇ ਕੀਤੀ।

ਇਸ ਮੌਕੇ ਪੰਜਾਬ ਲੋਕ ਸਭਿਆਚਾਰਕ ਮੰਚ ਦੇ ਪ੍ਰਧਾਨ ਅਤੇ ਸਮਾਗਮ ਦੇ ਮੁੱਖ ਬੁਲਾਰੇ ਅਮੋਲਕ ਸਿੰਘ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਮੌਜੂਦਾ ਫ਼ਿਰਕੂ ਹਾਕਮ ਜਮਾਤਾਂ ਵੱਲੋਂ ਮਿਥਿਹਾਸ ਨੂੰ ਇਤਿਹਾਸ ਬਣਾ ਕੇ ਦੇਸ਼ ਦੁਨੀਆਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ ਅਤੇ ਸਿੱਖਿਆ ਦਾ ਭਗਵਾਂਕਰਨ ਅਤੇ ਵਪਾਰੀਕਰਨ ਕਰਕੇ ਵਿਗਿਆਨਕ ਚੇਤਨਾ ਵਿਕਸਤ ਕਰਨ ਦੇ ਸੰਵਿਧਾਨਕ ਅਧਿਕਾਰ ਅਤੇ ਵਿਦਿਅਕ ਅਦਾਰਿਆਂ ਨੂੰ ਖਤਮ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਦੋਸ਼ ਲਾਇਆ ਕਿ ਸਾਮਰਾਜ ਪੱਖੀ ਹਕੂਮਤਾਂ ਜਲ, ਜੰਗਲ, ਜ਼ਮੀਨ ਅਤੇ ਹੋਰਨਾਂ ਖਣਿਜ ਪਦਾਰਥਾਂ ਨੂੰ ਕਾਰਪੋਰੇਟ ਘਰਾਣਿਆਂ ਨੂੰ ਲੁਟਾਉਣ ਲਈ ਗਰੀਬ ਆਦਿਵਾਸੀਆਂ ਨੂੰ ਉਜਾੜਨ ਉਤੇ ਤੁਲੀਆਂ ਹੋਈਆਂ ਹਨ ਅਤੇ ਵਿਰੋਧ ਕਰਨ ਵਾਲਿਆਂ ਨੂੰ ਇਕ ਸਾਜਿਸ਼ ਹੇਠ ਪੁਲਿਸ ਮੁਕਾਬਲਿਆਂ ਵਿੱਚ ਮਾਰਿਆ ਜਾ ਰਿਹਾ ਹੈ। ਇਸ ਹਕੂਮਤੀ ਜ਼ਬਰ ਦਾ ਵਿਰੋਧ ਕਰਨ ਅਤੇ ਸਾਮਰਾਜੀ ਭ੍ਰਿਸ਼ਟ ਰਾਜ ਪ੍ਰਬੰਧ ਨੂੰ ਬਦਲਣ ਲਈ ਤਰਕਸ਼ੀਲ ਸੁਸਾਇਟੀ ਸਮੇਤ ਸਮੂਹ ਲੋਕ ਪੱਖੀ ਜਨਤਕ ਅਤੇ ਜਮਹੂਰੀ ਜਥੇਬੰਦੀਆਂ ਨੂੰ ਜਮਾਤੀ ਪੱਧਰ ਤੇ ਚਿੰਤਨ ਅਤੇ ਚੇਤਨਾ ਦਾ ਪ੍ਰਸਾਰ ਕਰਨ ਅਤੇ ਫ਼ੈਸਲਾਕੁਨ ਜਥੇਬੰਦਕ ਸੰਘਰਸ਼ ਕਰਨ ਦੀ ਲੋੜ ਹੈ। ਉਨ੍ਹਾਂ ਨੇ ਪੰਜਾਬ ਅੰਦਰ ਗਿਆਨ ਵਿਗਿਆਨ ਦਾ ਮਾਹੌਲ ਸਿਰਜਣ ਲਈ ਤਰਕਸ਼ੀਲ ਸੁਸਾਇਟੀ ਦੀ ਭੂਮਿਕਾ ਨੂੰ ਸਲਾਮ ਕੀਤਾ।





ਇਸ ਮੌਕੇ ਨਾਮਵਰ ਕਲਾ ਇਤਿਹਾਸਕਾਰ ਅਤੇ ਮਾਨਵਵਾਦੀ ਚਿੰਤਕ ਸੁਭਾਸ਼ ਪਰਿਹਾਰ ਨੂੰ ਇਤਿਹਾਸ ਅਤੇ ਵਿਗਿਆਨਕ ਚੇਤਨਾ ਦੇ ਖੇਤਰ ਵਿੱਚ ਪਾਏ ਅਮੁੱਲੇ ਯੋਗਦਾਨ ਲਈ ਕ੍ਰਿਸ਼ਨ ਬਰਗਾੜੀ ਯਾਦਗਾਰੀ ਸਨਮਾਨ ਅਤੇ ਨਗਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਤੋਂ ਪਹਿਲਾਂ ਪਲਸ ਮੰਚ ਦੇ ਆਗੂ ਮਾਸਟਰ ਰਾਮ ਕੁਮਾਰ ਭਦੌੜ ਨੇ ਮਰਹੂਮ ਆਗੂ ਕ੍ਰਿਸ਼ਨ ਬਰਗਾੜੀ ਦੀ ਤਰਕਸ਼ੀਲ ਲਹਿਰ ਸਮੇਤ ਵੱਖ ਵੱਖ ਸਮਾਜਿਕ ਖੇਤਰਾਂ ਵਿੱਚ ਨਿਭਾਈ ਗਈ ਅਹਿਮ ਭੂਮਿਕਾ ਅਤੇ ਜੀਵਨ ਬਾਰੇ ਚਾਨਣ ਪਾਇਆ ਜਦਕਿ ਮਾਸਟਰ ਰਾਜਿੰਦਰ ਭਦੌੜ ਨੇ ਤਰਕਸ਼ੀਲ ਕਾਫਲੇ 'ਚੋਂ ਵਿਛੜ ਚੁੱਕੇ ਬਾਕੀ ਸਾਥੀਆਂ ਦੇ ਯੋਗਦਾਨ ਨੂੰ ਯਾਦ ਕਰਦਿਆਂ ਸਮਾਗਮ ਵਿੱਚ ਸ਼ਾਮਿਲ ਸਾਰਿਆਂ ਮਹਿਮਾਨਾਂ ਦਾ ਧੰਨਵਾਦ ਕੀਤਾ ।

ਇਸ ਤੋਂ ਪਹਿਲਾਂ ਸੂਬਾਈ ਆਗੂ ਰਾਜਪਾਲ ਬਠਿੰਡਾ ਨੇ ਸੁਭਾਸ਼ ਪਰਿਹਾਰ ਵੱਲੋਂ ਇਤਿਹਾਸ ਨੂੰ ਸਹੀ ਸੰਦਰਭ ਵਿੱਚ ਪੇਸ਼ ਕਰਨ ਅਤੇ ਵਿਗਿਆਨਕ ਚੇਤਨਾ ਦੇ ਖੇਤਰ ਲਈ ਨਿਭਾਈ ਜਾ ਰਹੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ ਜਦਕਿ ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਸੂਬਾਈ ਆਗੂ ਰਾਮ ਸਵਰਨ ਲੱਖੇਵਾਲੀ ਵੱਲੋਂ ਬਾਖੂਬੀ ਨਿਭਾਈ ਗਈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸੂਬਾਈ ਤਰਕਸ਼ੀਲ ਆਗੂ ਰਾਜੇਸ਼ ਅਕਲੀਆ,ਸੁਮੀਤ ਅੰਮ੍ਰਿਤਸਰ, ਜਸਵੰਤ ਮੋਹਾਲੀ,ਜੋਗਿੰਦਰ ਕੁੱਲੇਵਾਲ, ਜਸਵਿੰਦਰ ਫਗਵਾੜਾ,ਗੁਰਪ੍ਰੀਤ ਸ਼ਹਿਣਾ, ਅਜੀਤ ਪ੍ਰਦੇਸੀ, ਸੰਦੀਪ ਧਾਰੀਵਾਲ ਭੌਂਜਾ,ਜੋਨ ਆਗੂ ਮਾਸਟਰ ਪਰਮਵੇਦ ਸੰਗਰੂਰ, ਬਲਰਾਜ ਮੌੜ,ਸੁਰਜੀਤ ਟਿੱਬਾ, ਗੁਰਮੀਤ ਖਰੜ, ਸਤਪਾਲ ਸਲੋਹ ਨਵਾਂ ਸ਼ਹਿਰ,ਰਾਜਵੰਤ ਬਾਗੜੀਆ, ਰਾਮ ਕੁਮਾਰ ਪਟਿਆਲਾ, ਪ੍ਰਵੀਨ ਜੰਡਵਾਲਾ, ਸੁਖਵਿੰਦਰ ਬਾਗਪੁਰ, ਸੁਭਾਸ਼ ਤਿਤਰਮ ਕੈਥਲ,ਕੁਲਵਿੰਦਰ ਨਗਾਰੀ, ਭੂਰਾ ਸਿੰਘ ਮਹਿਮਾਸਰਜਾ, ਸੁਰਜੀਤ ਦੌਧਰ,ਹਰਚਰਨ ਚਹਿਲ, ਭੁਪਿੰਦਰ ਫ਼ੌਜੀ,ਕੁਲਜੀਤ ਡੰਗਰਖੇੜਾ, ਪ੍ਰਿੰਸੀਪਲ ਮੇਲਾ ਰਾਮ, ਐਡਵੋਕੇਟ ਅਮਰਜੀਤ ਬਾਈ, ਹਰਚੰਦ ਭਿੰਡਰ, ਚੰਨਣ ਵਾਂਦਰ,ਜੁਝਾਰ ਲੌਂਗੋਵਾਲ,ਜਸਵੰਤ ਬੋਪਾਰਾਏ,ਮਾਸਟਰ ਬਲਦੇਵ ਰਾਜ ਵੇਰਕਾ, ਰਾਜ ਕੁਮਾਰ ਵੇਰਕਾ, ਕੁਲਦੀਪ ਮਾਣੂੰਕੇ,ਰਮੇਸ਼ ਜੈਨ ,ਆਦਿ ਸ਼ਾਮਿਲ ਸਨ।


## ਪੰਜਾਬੀ ਅਧਿਆਪਕ ਅਨੋਖ ਸਿੰਘ ਦੇ ਨਿਰਦੇਸ਼ਣ ਵਿੱਚ ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ ਮਨਾਇਆ ਗਿਆ

ਵਰਲਡ ਪੰਜਾਬੀ ਟਾਈਮਜ਼



ਪੀਲੀਬੰਗਾ (ਰਾਜਸਥਾਨ) 24 ਫਰਵਰੀ : ਅੱਜ ਪੀਐਮ ਸ਼੍ਰੀ ਸਰਕਾਰੀ ਮਿਡਲ ਸਕੂਲ ਅਹਿਮਦਪੁਰਾ ਵਿੱਖੇ ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ ਨੂੰ ਬੜੀ ਹੀ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਤੇ ਪੰਜਾਬੀ ਭਾਸ਼ਾ ਨੂੰ ਪ੍ਰਮੋਟ ਕਰਨ ਵਾਲੇ ਲੋਕਾਂ ਨੂੰ ਅਤੇ ਬੱਚਿਆਂ ਨੂੰ ਮਾਂ ਬੋਲੀ ਸਨਮਾਨ ਅਤੇ ਪ੍ਰਸਤੀ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਪੰਜਾਬੀ ਅਧਿਆਪਕ ਅਨੋਖ ਸਿੰਘ ਨੇ ਬੱਚਿਆਂ ਨੂੰ ਪ੍ਰੋਜੈਕਟਾਂ ਦੇ ਰਾਹੀਂ ਪੰਜਾਬੀ ਵਿਰਸੇ ਤੋਂ ਰੂਬਰੂ ਕਰਵਾਇਆ। ਇਸ ਮੌਕੇ ਤੇ ਗ੍ਰਾਮਵਾਸੀ ਗੁਰਜੀਵਨ ਸਿੰਘ,ਇਸਰ ਸਿੰਘ,ਸੰਧੂਰਾ ਸਿੰਘ ,ਮਨਪ੍ਰੀਤ ਸਿੰਘ, ਅਤੇ ਬੱਚੇ ਮੌਜੂਦ ਰਹੇ। ਸਿੰਘ ਪੰਜਾਬੀ ਭਾਸ਼ਾ ਨੂੰ ਪ੍ਰਮੋਟ ਕਰਨ ਲਈ ਲਗਾਤਾਰ ਰਾਜਸਥਾਨ ਦੇ ਹਨੁਮਾਨਗੜ੍ਹ ਜਿਲੇ ਵਿੱਚ ਬੱਚਿਆਂ ਨੂੰ ਮਾਂ ਬੋਲੀ ਲਈ ਪ੍ਰੇਰਿਤ ਕਰ ਰਹੇ ਹਨ।

## ਪੁਸਤਕ "ਮਹਾਰਾਜਾ ਰਣਜੀਤ ਸਿੰਘ"—ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾਂ ਵੱਲੋਂ ਲੋਕ ਅਰਪਣ




ਸੰਗਰੂਰ 24 ਫਰਵਰੀ: ਮਹਾਰਾਜਾ ਰਣਜੀਤ ਸਿੰਘ ਦੇ ਰਾਜ ਬਾਰੇ ਪ੍ਰਮਾਣੀਕ ਅਤੇ ਪੁਖਤਾ ਜਾਣਕਾਰੀ ਪ੍ਰਦਾਨ ਕਰਦੀ ਵਿਗਿਆਨਕ ਦ੍ਰਿਸ਼ਟੀ ਤੋਂ ਅਜੋਕੇ ਪ੍ਰਸੰਗ ਵਿੱਚ ਇੱਕ ਵੱਖਰਾ ਬਿਰਤਾਂਤ ਸਿਰਜਦੀ ਡਾ. ਭਗਵੰਤ ਸਿੰਘ ਅਤੇ ਡਾ. ਰਮਿੰਦਰ ਕੌਰ ਵੱਲੋਂ ਸੰਪਾਦਤ ਪੁਸਤਕ ਮਹਾਰਾਜਾ ਰਣਜੀਤ ਸਿੰਘ, ਪੰਜਾਬ ਕੈਬਨਿਟ ਸਬ ਕਮੇਟੀ ਦੀ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਸੇਖੋਂ ਨਾਲ ਮੀਟਿੰਗ ਦੇ ਅਵਸਰ ਤੇ ਸ. ਹਰਪਾਲ ਸਿੰਘ ਚੀਮਾ ਵਿੱਤ, ਯੋਜਨਾ, ਪ੍ਰੋਗਰਾਮ ਲਾਗੂ ਕਰਨ ਅਤੇ ਕਰ ਤੇ ਆਬਕਾਰੀ ਮੰਤਰੀ ਪੰਜਾਬ ਸਰਕਾਰ, ਸ. ਕੁਲਦੀਪ ਸਿੰਘ ਧਾਲੀਵਾਲ, ਐਨ.ਆਰ.ਆਈ. ਮਾਮਲੇ ਮੰਤਰੀ, ਪੰਜਾਬ ਸਰਕਾਰ ਵੱਲੋਂ ਲੋਕ ਅਰਪਣ ਕੀਤੀ ਗਈ। ਇਸ ਮੌਕੇ ਜਸਵੰਤ ਸਿੰਘ ਗੱਜਣਮਾਜਰਾ ਐਮ.ਐਲ.ਏ., ਜਸਵੰਤ ਸਿੰਘ ਜ਼ਫ਼ਰ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ, ਪਵਨ ਹਰਚੰਦਪੁਰੀ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ), ਪ੍ਰੋ. ਸੰਧੂ ਵਰਿਆਣਵੀ ਜਨਰਲ ਸਕੱਤਰ ਕੇ.ਪੰ.ਲੇ. ਸਭਾ, ਗੁਲਜਾਰ ਸਿੰਘ ਸ਼ੌਂਕੀ, ਜਗਦੀਸ਼ ਰਾਣਾ, ਬਲਦੇਵ ਸਿੰਘ ਬੱਦਨ, ਜਗਦੀਪ ਸਿੰਘ ਗੰਧਾਰਾ ਐਡਵੋਕੇਟ, ਪ੍ਰੋ. ਪੀ.ਸੀ. ਚੌਹਾਨ, ਦਰਸ਼ਨ ਸਿੰਘ ਪ੍ਰੀਤੀਮਾਨ ਸਮੇਤ ਹੋਰ ਸਾਹਿਤਕਾਰ ਤੇ ਉੱਚ ਅਧਿਕਾਰੀ ਹਾਜ਼ਰ ਸਨ ਇਸ ਪੁਸਤਕ ਵਿੱਚ ਪ੍ਰੋ. ਤੇਜਾ



ਸਿੰਘ, ਡਾ. ਗੰਡਾ ਸਿੰਘ, ਸੀਤਾ ਰਾਮ ਕੋਹਲੀ, ਡਾ. ਜੀ.ਐਲ. ਚੋਪੜਾ, ਹਰਦਿੱਤ ਸਿੰਘ ਢਿੱਲੋਂ, ਹਰਬੰਸ ਸਿੰਘ, ਗੁਰਦਿੱਤ ਸਿੰਘ, ਪ੍ਰੋ. ਸੱਯਦ ਅਬਦੁਲ ਕਾਦਿਰ, ਪ੍ਰੋ. ਗੁਲਸ਼ਨ ਰਾਏ, ਪ੍ਰੋ. ਗੁਰਮੁਖ ਨਿਹਾਲ ਸਿੰਘ, ਬਾਵਾ ਪ੍ਰੇਮ ਸਿੰਘ ਹੋਤੀ, ਕੇ.ਸੀ. ਖੰਨਾ, ਸਰ ਜੋਗੇਂਦ੍ਰਾ ਸਿੰਘ ਜਿਹੇ ਦਿੱਗਜ਼ ਚਿੰਤਕਾਂ ਦੇ ਖੋਜ ਪੱਤਰਾਂ ਰਾਹੀਂ ਸਿੱਖ ਸਿਧਾਤਾਂ, ਮਾਨਤਾਵਾਂ, ਸਿੱਖ ਰਾਜ ਦੀ ਅਰਥ ਵਿਵਸਥਾ, ਸਿੱਖ ਮਿਸਲਾਂ ਦਾ ਸੰਗਠਨ ਤੇ ਖਾਲਸਾ ਫੌਜ, ਮਹਾਰਾਜਾ ਰਣਜੀਤ ਸਿੰਘ ਦੀ ਕਰ ਪ੍ਰਣਾਲੀ, ਖੇਤੀਬਾੜੀ ਪ੍ਰਬੰਧ, ਸਿੰਚਾਈ ਵਿਵਸਥਾ ਸਮੇਤ ਮਹਾਰਾਜਾ ਰਣਜੀਤ ਸਿੰਘ ਦੇ ਸਿਵਲ ਪ੍ਰਸ਼ਾਸਨ, ਮਹਾਰਾਜਾ ਰਣਜੀਤ ਸਿੰਘ ਸਮੇਂ ਭਾਰਤ ਦੀ ਉੱਤਰ ਪੱਛਮੀ ਸੀਮਾ, ਮਹਾਰਾਜਾ ਰਣਜੀਤ ਸਿੰਘ ਦਾ ਇਤਿਹਾਸਕ ਪਿਛੋਕੜ, ਤੇ ਉਸਦਾ ਜੀਵਨ ਚਰਿੱਤਰ ਤੇ ਟਿੱਪਣੀਆਂ, ਇੱਕ ਵਿਅਕਤੀ ਅਤੇ ਸ਼ਾਸਕ ਦੇ ਰੂਪ ਵਿੱਚ ਮਹਾਰਾਜਾ ਰਦਜੀਤ ਸਿੰਘ ਦਾ ਚਰਿੱਤਰ, ਮਹਾਰਜਾ ਰਣਜੀਤ ਸਿੰਘ ਰਾਸ਼ਟਰ ਨਿਰਮਾਤਾ ਦੇ ਰੁਪ ਵਿੱਚ, ਮਹਾਰਾਜਾ ਰਣਜੀਤ ਸਿੰਘ ਦੂਜਿਆਂ ਦੀਆਂ ਨਜ਼ਰਾਂ ਵਿੱਚ, ਰਣਜੀਤ ਸਿੰਘ ਹੋਣ ਦੀ ਮਹੱਤਤਾ ਕੁੱਝ ਸਿੱਟੇ, ਇਸਦੇ ਨਾਲ ਬੰਸਾਵਲੀ ਤੇ ਪਰਿਵਾਰ, ਮਹਾਰਾਜਾ ਦਲੀਪ ਸਿੰਘ ਦੀਆਂ ਚਿੱਠੀਆਂ, ਮਹਾਰਾਜੇ ਦੀ ਮੌਤ ਬਾਰੇ ਸਮਾਚਾਰ ਪਤ੍ਰਿਕਾ, ਮਹਾਰਾਜਾ ਦਾ ਘੋੜਿਆਂ ਪ੍ਰਤੀ ਪ੍ਰੇਮ ਨੂੰ ਸਪੱਸ਼ਟ ਕੀਤਾ ਗਿਆ ਹੈ। ਅਜੋਕੇ ਸਮੇਂ ਦੇ ਪ੍ਰਸਿੱਧ ਸਿੱਖ ਚਿੰਤਕ ਸ. ਗੁਰਤੇਜ ਸਿੰਘ ਆਈ.ਏ.ਐਸ. ਨੇ ਪੁਸਤਕ ਦੀ ਭੂਮਿਕਾ ਵਿੱਚ ਇਸ ਪੁਸਤਕ ਦੇ ਪ੍ਰਯੋਜਨ ਅਤੇ ਮਹੱਤਤਾ ਨੂੰ ਸਪਸ਼ਟ ਕਰਦੇ ਹੋਏ ਲਿਖਿਆ ਹੈ ਕਿ, "ਸ. ਭਗਵੰਤ ਸਿੰਘ ਦੀ ਹਥਲੀ ਪੁਸਤਕ ਦਾ ਏਹੋ ਵੱਡਾ ਗੁਣ ਹੈ ਕਿ ਇਹ ਭਗਵੰਤ ਸਿੰਘ ਦੇ ਬਜ਼ੁਰਗਾਂ ਦੇ ਅਸਰ ਹੇਠ ਅਤੇ ਏਸ ਤੋਂ ਵੀ ਅੱਗੇ ਉਪਰੋਕਤ ਸੂਝ ਬੂਝ ਦੇ ਸੁੱਤੇ—ਸੁਧ ਹੀ ਨੇੜੇ ਬੈਠ ਕੇ ਖਾਲਸਾ ਰਾਜ ਦੀ ਵਿਆਖਿਆ ਕਰਦੀ ਹੈ। ..ਏਸ ਦੌਰ ਵਿੱਚ ਡਾ. ਭਗਵੰਤ ਸਿੰਘ ਤੇ ਰਮਿੰਦਰ ਕੌਰ ਦੀ ਮਾਣਮੱਤੀ ਪ੍ਰਾਪਤੀ ਹੈ ਕਿ ਇਹ ਲਾਟ ਵਾਂਗ ਦੀਵੇ ਨਾਲ ਜੁੜੇ ਰਹੇ।" ਸੰਪਾਦਕੀ ਸਿੱਖ ਰਾਜਸੀ ਤਾਕਤ ਤੇ ਸੁਨਹਿਰੀ ਕਾਲ ਨੂੰ ਅਗਾਰੂਮਿਤ ਕਰਦੀ ਹੈ। ਇਸਦੇ ਨਾਲ ਹੀ ਪਹਿਲੇ ਐਡੀਸ਼ਨ ਬਾਰੇ ਵਿਭਿੰਨ ਚਿੰਤਕਾਂ ਦੇ ਵਿਚਾਰਾਂ ਨੂੰ ਸੰਮਿਲਤ ਕੀਤਾ ਗਿਆ ਹੈ। ਜਿਨ੍ਹਾਂ ਵਿੱਚ ਪ੍ਰੋ. ਸ਼ੇਰ ਸਿੰਘ ਕੰਵਲ, ਡਾ. ਸਵਰਾਜ ਸਿੰਘ, ਡਾ. ਤੇਜਵੰਤ ਮਾਨ, ਡਾ. ਗੁਰਮੀਤ ਸਿੰਘ ਦੇ ਨਾ ਪ੍ਰਮੁੱਖ ਹਨ। ਖੂਬਸੂਰਤ ਦਿੱਖ ਵਾਲੀ ਪੁਸਤਕ ਦੁਰਲੱਭ, ਪੁਖਤਾ ਤੇ ਬਹੁਮਲੀ ਜਾਣਕਾਰੀ ਪ੍ਰਦਾਨ ਕਰਦੀ ਹੈ। ਮਾਣਯੋਗ ਮੰਤਰੀ ਸਾਹਿਬਾਨ ਨੇ ਪੁਸਤਕ ਨੂੰ ਇਤਿਹਾਸਕ ਦਸਤਾਵੇਜ਼ ਦੱਸਦੇ ਹੋਏ ਪ੍ਰਸੰਨਤਾ ਜਾਹਿਰ ਕੀਤੀ।

## ਵਿਰਾਸਤੀ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੁਨੇਹਾ ਵੀ ਦਿੰਦੀ ਹੈ ਫਿਲਮ 'ਬੈਕ ਅੱਪ'

ਵਰਲਡ ਪੰਜਾਬੀ ਟਾਈਮਜ਼ ਮੰਗਤ ਗਰਗ

ਬਾਸਰਕੇ ਪ੍ਰੋਡਕਸ਼ਨ ਹੇਠ ਨਿਰਮਾਤਾ ਨਛੱਤਰ ਸਿੰਘ ਸੰਧੂ ਵਲੋਂ ਲਿਖੀ ਨਿਵੇਕਲੇ ਵਿਸ਼ੇ ਦੀ ਇਹ ਫਿਲਮ 'ਬੈਕ ਅਪ' ਪਰਿਵਾਰਕ ਰਿਸ਼ਤਿਆ ਦੇ ਇਲਾਵਾ ਪੰਜਾਬ ਦੀ ਧਰਤੀ 'ਤੇ ਵਗਦੇ ਛੇਵੇਂ ਦਰਿਆ 'ਚ ਰੁੜਦੀ ਜਾ ਰਹੀ ਜਵਾਨੀ ਨੂੰ ਬਚਾਉਣ ਦਾ



ਹੋਕਾ ਵੀ ਦਿੰਦੀ ਹੈ। ਲੇਖਕ ਨਛੱਤਰ ਸਿੰਘ ਸੰਧੂ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਫ਼ਿਲਮ ਅਜੋਕੇ ਸਮਾਜ 'ਤੇ ਤੰਜ ਕਸਦੀ ਇਹ ਵੀ ਦਰਸਾਉਂਦੀ ਹੈ ਕਿ ਜਮੀਨਾਂ ਜਾਇਦਾਦਾਂ ਖ਼ਾਤਰ ਆਪਣੇ ਸਕੇ ਸਬੰਧੀਆਂ ਵਿੱਚ ਭਾਵੇਂ ਕਿੰਨਾ ਵੀ ਗਿਲਾ-ਸ਼ਿਕਵਾ, ਮਨ ਮੁਟਾਵ ਹੋ ਜਾਵੇ ਅਖੀਰ ਮੁਸੀਬਤ ਪੈਣ 'ਤੇ ਆਪਣੇ ਹੀ ਨਾਲ ਖੜਦੇ ਹਨ। ਜਦਕਿ ਬਾਕੀ ਦੇ ਮੂੰਹ ਮੁਲਾਜੇਦਾਰ ਅਜਿਹੇ ਨਾਜ਼ਕ ਸਮੇਂ 'ਚ ਸਿਰਫ ਤਮਾਸ਼ਾ ਦੇਖਣ ਵਾਲੇ ਹੀ ਜਾਂ ਪਿੱਠ ਵਿਖਾਉਣ ਵਾਲੇ ਹੁੰਦੇ ਹਨ।ਇਸ ਫਿਲਮ ਦੀ ਕਹਾਣੀ ਜਿੱਥੇ ਸਮਾਜਿਕ ਅਤੇ ਪਰਿਵਾਰਿਕ ਰਿਸ਼ਤਿਆਂ ਵਿੱਚ ਬੱਝੀ ਹੋਈ ਹੈ, ਉਥੇ ਨੌਜਵਾਨਾਂ ਨੂੰ ਪੰਜਾਬ ਦੀਆਂ ਵਿਰਾਸਤੀ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੁਨੇਹਾ ਵੀ ਦਿੰਦੀ ਹੈ। ਦੋ ਜਵਾਨ ਦਿਲਾਂ ਦੇ ਪਿਆਰ-ਮੁਹੱਬਤਾਂ ਦੀ ਚਾਸ਼ਨੀ 'ਚ ਭਿੱਜੀ ਫ਼ਿਲਮ ਵਿਚਲਾ ਰੁਮਾਂਟਿਕ ਟਰੈਕ ਵੀ ਦਰਸ਼ਕਾਂ ਨੂੰ ਪ੍ਰਭਾਵਿਤ ਕਰੇਗਾ। ਇਸ ਫਿਲਮ ਵਿੱਚ ਨਵੇਂ ਚਿਹਰਿਆਂ ਦੇ ਨਾਲ ਨਾਲ ਪੰਜਾਬੀ ਦੇ ਅਨੇਕਾਂ ਦਿੱਗਜ ਕਲਾਕਾਰਾਂ ਨੂੰ ਵੀ ਪਰਦੇ 'ਤੇ ਲਿਆਂਦਾ ਹੈ। ਨੌਜਵਾਨ ਨਿਰਦੇਸ਼ਕ ਜਸਵੰਤ ਮਿੰਟੂ ਨੇ ਹਰ ਇਕ ਦ੍ਰਿਸ਼ ਨੂੰ ਬੜੀ ਸੰਜੀਦਗੀ ਨਾਲ ਪਰਦੇ 'ਤੇ ਉਤਾਰਿਆ ਹੈ।ਫਿਲਮ ਦਾ ਮੁੱਖ ਹੀਰੋ ਬਿੰਨੀ ਜੋੜਾ ਹੈ, ਫਿਲਮ ਦੀ ਹੀਰੋਇਨ ਸੁਖਮਣੀ ਕੌਰ ਹੈ ਬਾਕੀ ਦੇ ਕਲਾਕਾਰਾਂ ਵਿੱਚ ਪੰਜਾਬੀ ਸਿਨੇਮੇ ਦੇ ਕਈ ਨਾਮੀ ਅਦਾਕਾਰ ਸਵਿੰਦਰ ਮਾਹਲ, ਸੁਖਦੇਵ ਬਰਨਾਲਾ, ਐੱਨ ਐੱਸ ਸੰਧੂ,ਅਮਨ ਬੱਲ, ਸੁਰਿੰਦਰ ਬਾਠ,ਅਮਨ ਸ਼ੇਰ ਸਿੰਘ,ਸੁਖਵਿੰਦਰ ਵਿਰਕ,ਵਿਕਾਸ ਨਵ,ਅਭਿਸ਼ੇਕ ਭਾਰਦਵਾਜ ,ਪ੍ਰਿਤਪਾਲ ਪਾਲੀ, ਡੋਲੀ ਸੰਦਲ, ਮੰਨਤ ਕੌਰ ਅਤੇ ਵਿਕਾਸ ਮਲਹੋਤਰਾ ਆਦਿ ਕਲਾਕਾਰਾਂ ਨੇ ਅਹਿਮ ਭੂਮਿਕਾਵਾਂ ਨਿਭਾਈਆਂ ਹਨ।ਫਿਲਮ ਦਾ ਸੰਗੀਤ ਅਜੌਕੇ ਮਾਹੌਲ ਵਿੱਚ ਚੰਗਾ ਮਨੋਰੰਜਨ ਕਰਨ ਵਾਲਾ ਹੈ ਜੋ ਗੁਰਮੀਤ ਸਿੰਘ ਜੱਸੀ ਐਕਸ ਅਤੇ ਗਗਨ ਵਡਾਲੀ ਨੇ ਦਿੱਤਾ ਹੈ। ਫਿਲਮ ਦੇ ਗੀਤ ਨਛੱਤਰ ਗਿੱਲ, ਗਗਨ ਵਡਾਲੀ, ਸਰਘੀ ਮਾਨ ਅਤੇ ਅਕਾਲ ਗਾਇਕਾਂ ਨੇ ਪਲੇ ਬੈਕ ਵਿੱਚ ਗਾਏ ਹਨ। 21 ਫਰਵਰੀ 2025 ਨੂੰ ਰਿਲੀਜ਼ ਹੋ ਰਹੀ ਆਮ ਫਿਲਮਾਂ ਤੋਂ ਬਹੁਤ ਹਟਵੇਂ ਵਿਸ਼ੇ ਦੀ ਇਹ ਫਿਲਮ 'ਬੈਕ ਅੱਪ' ਪੰਜਾਬੀ ਸਿਨਮੇ ਲਈ ਮੀਲ ਪੱਥਰ ਸਾਬਤ ਹੋਵੇਗੀ।